ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 26 ਅਗਸਤ 2024 (ਨਾਨਕਸ਼ਾਹੀ ਸੰਮਤ : ੫੫੬, ੧੧ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਯਮਨ ਦੇ ਤੱਟ 'ਤੇ ਕਿਸ਼ਤੀ ਪਲਟਣ ਨਾਲ 13 ਲੋਕਾਂ ਦੀ ਮੌਤ, 14 ਲਾਪਤਾ

**ਅਦਨ, 25 ਅਗਸਤ (ਆਵਾਜ਼ਿ ਕੌਮ ਬਿਊਰੋ)**-ਯਮਨ ਦੇ ਤੱਟ 'ਤੇ ਪਰਵਾਸੀਆਂ ਦੀ ਕਿਸ਼ਤੀ ਪਲਟਣ ਕਾਰਨ ਘੱਟੋ-ਘੱਟ 13 ਲੋਕਾਂ ਦੀ ਮੌਤ ਹੋ ਗਈ ਅਤੇ 14 ਹੋਰ ਲਾਪਤਾ ਹਨ। ਇਹ ਜਾਣਕਾਰੀ ਇੰਟਰਨੈਸ਼ਨਲ ਆਰਗੇਨਾਈਜ਼ੇਸ਼ਨ ਫਾਰ ਮਾਈਗ੍ਰੇਸ਼ਨ (ਆਈਓਐੱਮ) ਨੇ ਨੂੰ ਦਿੱਤੀ।ਆਈਓਐੱਮ ਦੀਆਂ ਫੀਲਡ ਰਿਪੋਰਟਾਂ ਦੇ ਅਨੁਸਾਰ, ਜਹਾਜ ਜੋ ਕਿ ਜਿਬੂਤੀ ਤੋਂ ਰਵਾਨਾ ਹੋਇਆ ਸੀ, 25 ਇਥੋਪੀਆਈ ਪ੍ਰਵਾਸੀਆਂ ਅਤੇ ਦੋ ਯਮਨ ਦੇ ਨਾਗਰਿਕਾਂ ਨੂੰ ਲੈ ਕੇ ਜਾ ਰਿਹਾ ਸੀ ਜਦੋਂ ਇਹ ਮੰਗਲਵਾਰ ਨੂੰ ਬਾਨੀ ਅਲ-ਹਕਮ ਉਪ-ਜ਼ਿਲੇ ਦੇ ਦੁਬਾਬ ਜ਼ਿਲ੍ਹੇ ਦੇ ਨੇੜੇ ਪਲਟ ਗਿਆ। ਆਈਓਐੱਮ ਨੇ ਕਿਹਾ ਕਿ ਮ੍ਰਿਤਕਾਂ ਦੀਆਂ ਲਾਸ਼ਾਂ, ਜਿਨ੍ਹਾਂ 'ਚ 11 ਪੁਰਸ਼ਾਂ ਅਤੇ ਦੋ ਔਰਤਾਂ ਸਨ, ਨੂੰ ਬਰਾਮਦ ਕਰ ਲਿਆ ਗਿਆ ਹੈ, ਜਦੋਂ ਕਿ ਬਾਕੀ ਲਾਪਤਾ ਵਿਅਕਤੀਆਂ ਨੂੰ ਲੱਭਣ ਲਈ ਖੋਜ ਅਭਿਆਨ ਚਲਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਹਾਜ਼ ਦੇ ਡੁੱਬਣ ਦਾ ਕਾਰਨ ਅਜੇ ਵੀ ਅਸਪਸ਼ਟ ਹੈ। ਆਈਓਐੱਮ ਯਮਨ ਲਈ ਮਿਸ਼ਨ ਦੇ ਕਾਰਜਕਾਰੀ ਮੁਖੀ ਮੈਟ ਹੂਬਰ ਨੇ ਕਿਹਾ ਕਿ ਇਹ ਤਾਜ਼ਾ ਤ੍ਰਾਸਦੀ ਇਸ ਰੂਟ 'ਤੇ ਪ੍ਰਵਾਸੀਆਂ ਨੂੰ ਦਰਪੇਸ਼ ਖ਼ਤਰਿਆਂ ਦੀ ਯਾਦ ਦਿਵਾਉਂਦੀ ਹੈ... ਇਹ ਜ਼ਰੂਰੀ ਹੈ ਕਿ ਅਸੀਂ ਇਨ੍ਹਾਂ ਵਿਨਾਸ਼ਕਾਰੀ ਨੁਕਸਾਨਾਂ ਨੂੰ ਆਮ ਨਾ ਕਰੀਏ ਅਤੇ ਇਸ ਦੀ ਬਜਾਏ ਇਹ ਯਕੀਨੀ ਬਣਾਉਣ ਲਈ ਸਮੂਹਿਕ ਤੌਰ 'ਤੇ ਕੰਮ ਕਰੀਏ ਕਿ ਪ੍ਰਵਾਸੀਆਂ ਨੂੰ ਉਨ੍ਹਾਂ ਦੇ ਸਫ਼ਰ ਦੌਰਾਨ ਸੁਰੱਖਿਅਤ ਕੀਤਾ ਜਾਵੇ। ਵਾਰ-ਵਾਰ ਚੇਤਾਵਨੀਆਂ ਅਤੇ ਦਖਲਅੰਦਾਜ਼ੀ ਦੇ ਬਾਵਜੂਦ, ਯਮਨ ਦੇ ਪਾਣੀਆਂ ਨੇ ਚਿੰਤਾਜਨਕ ਦਰ ਨਾਲ ਹਾਦਸੇ ਵਾਪਰ ਰਹੇ ਹਨ।

### ਅੰਮ੍ਰਿਤਸਰ ਐਨ. ਆਰ. ਆਈ. ਗੋਲੀਬਾਰੀ ਮਾਮਲੇ 'ਚ ਪੁਲਿਸ ਦੀ ਵੱਡੀ ਕਾਰਵਾਈ

# 5 ਵਿਅਕਤੀਆਂ ਨੂੰ ਕੀਤਾ ਕਾਬੂ, ਖੁੱਲ੍ਹਿਆ ਭੇਦ

**ਅੰਮ੍ਰਿਤਸਰ, 25 ਅਗਸਤ (ਆਵਾਜ਼ਿ ਕੌਮ ਬਿਊਰੋ)**-ਕੱਲ੍ਹ ਐੱਨ. ਆਰ. ਆਈ. ਸੁਖਚੈਨ ਸਿੰਘ ਦੇ ਹਮਲੇ ਤੋਂ ਬਾਅਦ ਅੰਮ੍ਰਿਤਸਰ 'ਚ ਪੰਜਾਬ ਪੁਲਸ 'ਤੇ ਕਈ ਸਵਾਲੀਆਂ ਨਿਸ਼ਾਨ ਖੜ੍ਹੇ ਕੀਤੇ ਜਾ ਰਹੇ ਸਨ ਕਿ ਐੱਨ. ਆਰ. ਆਈ. ਤਾਂ ਆਪਣੇ ਘਰ ਵਿੱਚ ਹੀ ਸੁਰੱਖਿਅਤ ਨਹੀਂ ਹਨ ਪਰ ਅੰਮ੍ਰਿਤਸਰ ਦੀ ਪੁਲਸ ਵੱਲੋਂ ਮੁਸਤੈਦੀ ਦਿਖਾਉਂਦੇ ਹੋਏ ਪੰਜ ਦੇ ਕਰੀਬ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ।ਅੰਮ੍ਰਿਤਸਰ ਤੇ ਪੁਲਸ ਕਮਿਸ਼ਨਰ ਦਾ ਕਹਿਣਾ ਹੈ ਕਿ ਇਹ ਇੱਕ ਸੁਪਾਰੀ ਕਿਲਿੰਗ ਦਾ ਮਾਮਲਾ ਹੈ ਉਨ੍ਹਾਂ ਕਿਹਾ ਕਿ ਦੂਸਰੇ ਐੱਨ. ਆਰ. ਆਈ. ਪਾਰਟੀ ਦੇ ਵੱਲੋਂ ਇਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਸਨ ਅਤੇ ਦੋਵੇਂ ਸੁਪਾਰੀ ਕਿਲਰਾਂ ਨੂੰ ਫੜਨ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ ਅਤੇ ਜਲਦੀ ਹੀ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਸਲਾਖਾਂ ਪਿੱਛੇ ਭੇਜਿਆ ਜਾਵੇਗਾ। ਪੁਲਸ ਕਮਿਸ਼ਨਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਤੇ ਪੰਜਾਬ ਦੇ ਡੀ. ਜੀ. ਪੀ. ਵੱਲੋਂ ਸਖ਼ਤ ਹਦਾਇਤਾਂ



ਜਾਰੀ ਕੀਤੀਆਂ ਗਈਆਂ ਸਨ ਕਿ ਜਲਦ ਤੋਂ ਜਲਦ ਇਨ੍ਹਾਂ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਜਾਵੇ, ਜਿਸ ਲੜੀ ਤਹਿਤ ਪੰਜ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ 'ਚ ਗ੍ਰਿਫ਼ਤਾਰ ਕੀਤੇ ਮੁਲਜ਼ਮ ਸੁਖਚੈਨ ਸਿੰਘ ਦੇ ਪਹਿਲੇ ਸਹੁਰੇ ਪਰਿਵਾਰ ਦੇ ਇਕ ਮੈਂਬਰ ਨੂੰ ਅਤੇ ਇਕ ਉਹ ਨੌਜਵਾਨ ਜਿਸ ਵੱਲੋਂ ਪਹਿਲਾਂ ਇਹਨਾਂ ਨੂੰ ਪਨਾਹ ਦਿੱਤੀ ਗਈ ਸੀ ਅਤੇ ਕੁਝ ਹੋਟਲ ਦੇ ਅਧਿਕਾਰੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਕਿਉਂਕਿ ਉਹਨਾਂ ਵੱਲੋਂ ਬਿਨਾਂ ਦਸਤਾਵੇਜ਼ ਲੈ ਕੇ ਇਹਨਾਂ ਨੂੰ ਹੋਟਲ ਦਾ ਕਮਰਾ ਦਿੱਤਾ ਗਿਆ ਸੀ। ਪੁਲਸ ਅਧਿਕਾਰੀਆਂ ਮੁਤਾਬਕ ਇਹ ਸੁਪਾਰੀ ਕਿਲਿੰਗ ਦਾ ਮਾਮਲਾ ਹੈ ਅਤੇ 25 ਹਜ਼ਾਰ ਦੇ ਕਰੀਬ ਇੱਕ ਟਰਾਂਜਿਸ਼ਨ ਵਿਦੇਸ਼ 'ਚ ਬੈਠ ਕੇ ਕੀਤੀ ਹੋਈ ਹੈ। ਉਹਨਾਂ ਨੇ ਕਿਹਾ ਕਿ ਇਹ ਪਾਰੀ ਸੁਖਚੈਨ ਸਿੰਘ ਦੇ ਪਹਿਲੇ ਸਹੁਰੇ ਪਰਿਵਾਰ ਵੱਲੋਂ ਦਿੱਤੀ ਗਈ ਹੈ ਕਿਉਂਕਿ ਸੁਖਚੈਨ ਸਿੰਘ ਦੀ ਪਹਿਲੀ ਧਰਮ ਪਤਨੀ ਵੱਲੋਂ ਖੁਦਕੁਸ਼ੀ ਕੀਤੀ ਗਈ ਸੀ ਅਤੇ ਉਸਨੂੰ ਵਾਰ-ਵਾਰ ਜਾਨੋਂ ਮਾਰਨ ਦੀਆਂ ਧਮਕੀਆਂ ਉਸ ਦੇ ਪਹਿਲੇ ਸਹੁਰੇ ਪਰਿਵਾਰ ਵੱਲੋਂ ਦਿਤੀਆਂ ਜਾ ਰਹੀਆਂ ਸਨ। ਪੁਲਸ ਨੇ ਕਿਹਾ ਕਿ ਅਸੀਂ ਜਲਦ ਹੀ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਸਲਾਕਾਂ ਪਿੱਛੇ ਭੇਜਾਂਗੇ ਅਤੇ ਅੱਜ ਤੱਕ ਪੰਜ ਗ੍ਰਿਫ਼ਤਾਰੀਆਂ ਹੋ ਚੁੱਕੀਆਂ ਹਨ। ਉਹਨਾਂ ਨੇ ਕਿਹਾ ਕਿ ਅਸੀਂ ਵੱਖ-ਵੱਖ ਟੈਕਨੀਕਲ ਹਿਸਾਬ ਨਾਲ ਚੈੱਕ ਕਰ ਰਹੇ ਹਾਂ ਤਾਂ ਕਿ ਇਨ੍ਹਾਂ ਨੂੰ ਕਿਸੇ ਤਰੀਕੇ ਗ੍ਰਿਫ਼ਤਾਰ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਇਹ ਦੋਵੇਂ ਸ਼ੂਟਰ ਇੱਕ ਜਲੰਧਰ ਅਤੇ ਇਕ ਹੁਸ਼ਿਆਰਪੁਰ ਦਾ ਰਹਿਣ ਵਾਲਾ ਹੈ ਉੱਥੇ ਅੰਮ੍ਰਿਤਸਰ ਤੇ ਪੁਲਸ ਕਮਿਸ਼ਨਰ ਮੁਤਾਬਿਕ ਜਲਦ ਹੀ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਦਿੱਤਾ ਜਾਵੇਗਾ ਕਿਉਂਕਿ ਉਹਨਾਂ ਦੀ ਸਾਰੀ ਟੈਕਨੀਕਲ ਟੀਮ ਇਸ ਕੇਸ ਵਿੱਚ ਲੱਗੀ ਹੋਈ ਹੈ।

## ਕਿਸਾਨਾਂ ਤੇ ਪ੍ਰਸ਼ਾਸ਼ਨ ਦੀ ਮੀਟਿੰਗ ਰਹੀ ਬੇਸਿੱਟਾ, ਕਿਹਾ-ਰਾਹ ਅਸੀਂ ਨਹੀਂ, ਸਰਕਾਰ ਨੇ ਰੋਕੇ ਪਰ ਅਸੀਂ ਦਿੱਲੀ ਜਾਵਾਂਗੇ ਉਹ ਵੀ ਟਰੈਕਟਰਾਂ 'ਤੇ

**ਚੰਡੀਗੜ੍ਹ, 25 ਅਗਸਤ (ਆਵਾਜ਼ਿ ਕੌਮ ਬਿਊਰੋ)**-ਪਿਛਲੇ 6 ਮਹੀਨਿਆਂ ਤੋਂ ਬੰਦ ਪਏ ਸ਼ੰਭੂ ਬਾਰਡਰ ਨੂੰ ਖੋਲ੍ਹਣ ਲਈ ਅੱਜ (ਐਤਵਾਰ) ਪਟਿਆਲਾ ਪੁਲਿਸ ਲਾਈਨ ਵਿਖੇ ਕਿਸਾਨਾਂ ਅਤੇ ਪ੍ਰਸ਼ਾਸਨ ਦਰਮਿਆਨ ਇੱਕ ਅਹਿਮ ਮੀਟਿੰਗ ਹੋਈ। ਇਸ ਮੀਟਿੰਗ ਦਾ ਕੋਈ ਨਤੀਜਾ ਨਹੀਂ ਨਿਕਲਿਆ। ਮੀਟਿੰਗ ਵਿੱਚ ਪੰਜਾਬ ਅਤੇ ਹਰਿਆਣਾ ਸਰਕਾਰਾਂ ਦੇ ਪੁਲਿਸ ਅਤੇ ਪ੍ਰਸ਼ਾਸਨਿਕ ਅਧਿਕਾਰੀ ਵੀ ਮੌਜੂਦ ਹਨ। ਮੀਟਿੰਗ ਤੋਂ ਬਾਅਦ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਅਸੀਂ ਕੋਈ ਸੜਕ ਬੰਦ ਨਹੀਂ ਕੀਤੀ। ਹਰਿਆਣਾ ਅਤੇ ਕੇਂਦਰ ਸਰਕਾਰ ਵੱਲੋਂ ਸੜਕ ਨੂੰ ਬੰਦ ਕਰ ਦਿੱਤਾ ਗਿਆ ਹੈ। ਅਜਿਹੇ ਵਿੱਚ ਸਰਕਾਰ ਨੂੰ ਸ਼ੰਭੂ ਬਾਰਡਰ ਖੋਲ੍ਹਣਾ ਚਾਹੀਦਾ ਹੈ। ਅਸੀਂ ਪ੍ਰਸ਼ਾਸਨ ਅੱਗੇ ਆਪਣੇ ਵਿਚਾਰ ਪੇਸ਼ ਕੀਤੇ ਹਨ। ਉਨ੍ਹਾਂ ਕਿਹਾ ਕਿ ਅਸੀਂ ਇਸ ਮਾਮਲੇ ਨੂੰ ਅਦਾਲਤ ਵਿੱਚ ਨਹੀਂ ਲੈ ਕੇ ਗਏ ਹਾਂ। ਸਰਕਾਰ ਨੇ ਅਜਿਹਾ ਹੀ ਕੀਤਾ ਹੈ। ਅਸੀਂ ਪ੍ਰਸ਼ਾਸਨ ਅੱਗੇ ਮੰਗ ਰੱਖੀ ਹੈ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਹਰਿਆਣਾ ਚਾਹੁੰਦਾ ਹੈ ਕਿ ਕਿਸਾਨ ਟਰੈਕਟਰ ਟਰਾਲੀਆਂ ਲੈ ਕੇ ਦਿੱਲੀ ਨਾ ਜਾਣ ਪਰ ਉਹ ਬਿਨਾਂ ਟਰੈਕਟਰ ਟਰਾਲੀ ਤੋਂ ਦਿੱਲੀ ਜਾਣਗੇ। ਹਾਲਾਂਕਿ ਜਗਜੀਤ ਸਿੰਘ ਡੱਲੇਵਾਲ ਇਸ ਮੀਟਿੰਗ ਵਿੱਚ ਸ਼ਾਮਲ ਨਹੀਂ ਹੋਏ। ਇਸ ਤੋਂ ਪਹਿਲਾਂ 21 ਤਰੀਕ ਨੂੰ ਵੀ ਇਸ ਮਾਮਲੇ ਸਬੰਧੀ ਮੀਟਿੰਗ ਹੋਈ ਸੀ। ਮੀਟਿੰਗ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ ਕਿਸਾਨ ਆਗੂ ਪੰਧੇਰ ਅਤੇ ਜਗਜੀਤ ਸਿੰਘ ਡੱਲੇਵਾਲ ਪਟਿਆਲਾ ਸਥਿਤ ਗੁਰਦੁਆਰਾ ਦੁਖ ਨਿਵਾਰਨ ਸਾਹਿਬ ਪੁੱਜੇ ਸਨ। ਜਿੱਥੇ ਉਨ੍ਹਾਂ ਕਿਸਾਨਾਂ ਦੇ ਹੋਰ ਸਮੂਹਾਂ ਨਾਲ ਮੀਟਿੰਗ ਕੀਤੀ। ਇਸ ਦੌਰਾਨ 31 ਅਗਸਤ ਨੂੰ ਸ਼ੰਭੂ ਬਾਰਡਰ ਸਮੇਤ 3 ਥਾਵਾਂ 'ਤੇ ਕੀਤੇ ਜਾਣ ਵਾਲੇ ਪ੍ਰਦਰਸ਼ਨਾਂ ਦੀ ਰਣਨੀਤੀ ਬਣਾਈ ਗਈ ਹੈ। ਕਿਸਾਨਾਂ ਦਾ ਸਪੱਸ਼ਟ ਕਹਿਣਾ ਹੈ ਕਿ ਉਹ ਵੀ ਚਾਹੁੰਦੇ ਹਨ ਕਿ ਇਹ ਸੜਕ ਸਾਰਿਆਂ ਲਈ ਖੋਲ੍ਹੀ ਜਾਵੇ। ਇਸ ਸੜਕ ਨੂੰ ਹਰਿਆਣਾ ਸਰਕਾਰ ਨੇ ਬੰਦ ਕਰ ਦਿੱਤਾ ਹੈ। ਇਸ ਕਾਰਨ ਹਰ ਵਰਗ ਦੇ ਲੋਕਾਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦੀ ਨੀਅਤ ਵਿੱਚ ਨੁਕਸ ਹੈ। ਮੀਟਿੰਗ ਦੀ ਪਹਿਲ ਕੇਂਦਰ ਨੂੰ ਕਰਨੀ ਚਾਹੀਦੀ ਹੈ, ਪ੍ਰਸ਼ਾਸਨ ਨੂੰ ਨਹੀਂ। ਇਸ ਦੇ ਨਾਲ ਹੀ ਇਸ ਮਾਮਲੇ ਦੀ ਸੁਣਵਾਈ ਹੁਣ 2 ਸਤੰਬਰ ਨੂੰ ਸੁਪਰੀਮ ਕੋਰਟ ਵਿੱਚ ਹੋਣੀ ਹੈ। ਇਸੇ ਸੰਦਰਭ ਵਿੱਚ ਇਹ ਮੀਟਿੰਗ ਹੋ ਰਹੀ ਹੈ।

## ਮੁੱਖ ਮੰਤਰੀ ਮਾਨ ਤੇ ਮਨੀਸ਼ ਸਿਸੋਦੀਆ ਸ੍ਰੀ ਹਰਿਮੰਦਰ ਸਾਹਿਬ ਹੋਏ ਨਤਮਸਤਕ



**ਅੰਮ੍ਰਿਤਸਰ, 25 ਅਗਸਤ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਅੱਜ ਸ੍ਰੀ ਦਰਬਾਰ ਸਾਹਿਬ ਆਪਣੇ ਪਰਿਵਾਰ ਨਾਲ ਨਤਮਸਤਕ ਹੋਏ ਹਨ। ਇਸ ਦੌਰਾਨ ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੀ ਮੌਜੂਦ ਸਨ। ਇਸ ਮੌਕੇ ਉਨ੍ਹਾਂ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਹੈ। ਮਨੀਸ਼ ਸਿਸੋਦੀਆ ਨੇ ਦੱਸਿਆ ਕਿ ਉਹ ਪੰਜਾਬ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ'ਤੇ ਮੱਥਾ ਟੇਕਣ ਆਏ ਹਨ। ਉਨ੍ਹਾਂ ਕਿਹਾ ਕਿ ਜੇਲ੍ਹ 'ਚੋਂ ਅਰਦਾਸ ਕੀਤੀ ਸੀ ਕਿ ਜਦੋਂ ਜੇਲ੍ਹ 'ਚੋਂ ਰਿਹਾਅ ਹੋਵਾਂਗਾ ਤਾਂ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨ ਕਰਾਂਗਾ। ਇਹ ਇੱਛਾ ਹੁਣ ਪੂਰੀ ਹੋ ਗਈ ਹੈ, ਇਸ ਲਈ ਉਹ ਮੱਥਾ ਟੇਕਣ ਆਏ ਹਨ। ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੇਸ਼ ਦੇ 'ਚ ਸਿੱਖਿਆ ਦੀ ਕ੍ਰਾਂਤੀ ਲਿਆਉਣ ਵਾਲੇ ਸਿੱਖਿਆ ਮੰਤਰੀ ਤੇ ਦਿੱਲੀ ਦੇ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੂੰ ਝੂਠੇ ਕੇਸ 'ਚੋਂ ਹੁਣ ਜਮਾਨਤ ਮਿਲ ਚੁੱਕੀ ਹੈ ਅਤੇ ਸਾਨੂੰ ਮਾਨਯੋਗ ਅਦਾਲਤ ਤੇ ਵਾਹਿਗੁਰੂ 'ਤੇ ਪੂਰਾ ਭਰੋਸਾ ਸੀ ਕਿ ਉਹ ਜਲਦ ਇਨਸਾਫ ਦੇਣਗੇ। ਅੱਜ ਉਹ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿੱਚ ਮੱਥਾ ਟੇਕਣ ਆਏ ਹਨ ਤੇ ਇਸ ਦੌਰਾਨ ਸ੍ਰੀ ਦਰਬਾਰ ਸਾਹਿਬ 'ਚ ਇਹ ਵੀ ਅਰਦਾਸ ਕੀਤੀ ਗਈ ਹੈ ਕਿ ਜਲਦ ਹੀ ਅਰਵਿੰਦ ਕੇਜਰੀਵਾਲ ਵੀ ਜੇਲ੍ਹ ਚੋਂ ਬਾਹਰ ਆਉਣ।

## ਕੰਗਨਾ ਦੇ ਭੜਕਾਊ ਬਿਆਨਾਂ ਨੇ ਫਿਰ ਪੰਜਾਬੀਆਂ ਨੂੰ ਵੰਗਾਰਿਆ





**ਚੰਡੀਗੜ੍ਹ, 25 ਅਗਸਤ (ਆਵਾਜ਼ਿ ਕੌਮ ਬਿਊਰੋ)**-ਕੰਗਨਾ ਰਣੌਤ ਦੀ ਫਿਲਮ 'ਐਮਰਜੈਂਸੀ' ਨੂੰ ਲੈ ਕੇ ਵਿਵਾਦ ਲਗਾਤਾਰ ਵਧ ਰਿਹਾ ਹੈ ਤੇ ਪੰਜਾਬ ਵਿੱਚ ਇਸ ਦੀ ਜਮ ਕੇ ਮੁਖਾਲਫਤ ਹੋ ਰਹੀ ਹੈ ਪਰ ਇਸ ਦੌਰਾਨ ਕੰਗਨਾ ਨੇ ਪੰਜਾਬ ਤੇ ਕਿਸਾਨੀ ਅੰਦੋਲਨ ਵਿਚਾਲੇ ਇੱਕ ਹੋਰ ਭੜਕਾਊ ਬਿਆਨ ਦਿੱਤਾ ਹੈ। ਉਸ ਦੇ ਪੰਜਾਬ ਦੀ ਬੰਗਲਾਦੇਸ਼ ਨਾਲ ਤੁਲਨਾ ਕਰ ਦਿੱਤੀ ਹੈ। ਕੰਗਨਾ ਨੇ ਨਿੱਜੀ ਚੈਨਲ ਨੂੰ ਇੰਟਰਵਿਊ ਦਿੰਦਿਆਂ ਕਿਹਾ ਕਿਹਾ, ਪੰਜਾਬ ਵਿੱਚ ਧਰਮ ਪਰਿਵਰਤਨ ਹੋ ਰਿਹਾ, ਤੇ ਖਾਲਿਸਤਾਨੀ ਗੈਂਗ ਕੰਮ ਕਰ ਰਹੇ ਹਨ, ਉਹ ਕਾਨੂੰਨ ਨੂੰ ਆਪਣੇ ਹੱਥਾਂ ਵਿੱਚ ਲੈ ਕੇ ਖ਼ੁਦ ਹੀ ਇਨਸਾਫ਼ ਕਰਨ ਲੱਗਦੇ ਹਨ। ਪੰਜਾਬ ਵਿੱਚ ਜੋ ਵੀ ਹੋ ਰਿਹਾ ਹੈ ਉਹ ਸਹੀ ਨਹੀਂ ਹੈ। ਇਸ ਮੌਕੇ ਕੰਗਨਾ ਨੇ ਕਿਸਾਨੀ ਅੰਦੋਲਨ ਬਾਬਤ ਜ਼ਿਕਰ ਕਰਦਿਆਂ ਕਿਹਾ ਕਿ ਅੰਦੋਲਨ ਦੌਰਾਨ ਉੱਥੇ ਬਲਾਤਕਾਰ ਹੋਏ ਤੇ ਉੱਥੇ ਲਾਸ਼ਾਂ ਟੰਗੀਆਂ ਗਈਆਂ ਸਨ। ਪੰਜਾਬ ਵਿੱਚ ਜੋ ਵੀ ਹੋ ਰਿਹਾ ਹੈ ਉਹ ਸਰਾਸਰ ਗ਼ਲਤ ਹੈ, ਬੰਗਲਾਦੇਸ਼ ਵਿੱਚ ਜੋ ਹੋਇਆ ਉਹ ਇੱਥੇ ਹੋਣ ਵਿੱਚ ਦੇਰ ਨਹੀਂ ਲੱਗਣੀ। ਕਿਸਾਨਾਂ ਦੇ ਹਿੱਤਾਂ ਵਾਲੇ ਬਿੱਲ ਵਾਪਸ ਵੀ ਹੋ ਗਏ ਨੇ ਪਰ ਉਹ ਅਜੇ ਵੀ ਧਰਨਿਆਂ ਉੱਤੇ ਬੈਠੇ ਹਨ। ਇਹ ਬੰਗਲਾਦੇਸ਼ ਵਾਂਗ ਲੰਬੀ ਯੋਜਨਾ ਹੈ। ਕੰਗਨਾ ਨੇ ਕਿਹਾ ਕਿ ਪੰਜਾਬ 'ਚ ਕਿਸਾਨ ਅੰਦੋਲਨ ਦੇ ਨਾਂਅ 'ਤੇ ਬਦਮਾਸ਼ ਹਿੰਸਾ ਫੈਲਾ ਰਹੇ ਹਨ। ਉੱਥੇ ਬਲਾਤਕਾਰ ਤੇ ਕਤਲ ਹੋ ਰਹੇ ਸਨ। ਇਨ੍ਹਾਂ ਬਦਮਾਸ਼ਾਂ ਦੀ ਬਹੁਤ ਲੰਬੀ ਯੋਜਨਾ ਸੀ। ਉਹ ਦੇਸ਼ ਵਿੱਚ ਕੁਝ ਵੀ ਕਰ ਸਕਦੇ ਹਨ। ਜ਼ਿਕਰ ਕਰ ਦਈਏ ਕਿ ਕੰਗਨਾ ਦੀ ਆਉਣ ਵਾਲੀ ਫਿਲਮ ਐਮਰਜੈਂਸੀ ਨੂੰ ਲੈ ਕੇ ਪੰਜਾਬ ਵਿੱਚ ਲਗਾਤਾਰ ਵਿਰੋਧ ਹੋ ਰਿਹਾ ਹੈ। ਸਿਆਸੀ ਧਿਰਾਂ ਦੀ ਇਲਾਵਾ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੀ ਇਸ ਉੱਤੇ ਇਤਰਾਜ਼ ਜ਼ਾਹਰ ਕੀਤਾ ਗਿਆ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਇਸ ਵਿੱਚ ਸਿੱਖਾਂ ਨੂੰ ਗ਼ਲਤ ਤਰੀਕੇ ਨਾਲ ਦਿਖਾਇਆ ਗਿਆ ਹੈ ਜਿਸ ਨਾਲ ਦੇਸ਼ ਵਿੱਚ ਉਨ੍ਹਾਂ ਖ਼ਿਲਾਫ਼ ਨਫਰਤੀ ਹਿੰਸਾ ਵਿੱਚ ਵਾਧਾ ਹੋਵੇਗਾ।

## ਅਕਾਲੀ ਦਲ ਨੂੰ ਇਕ ਹੋਰ ਵੱਡਾ ਝਟਕਾ, ਸੀਨੀਅਰ ਆਗੂ ਡਿੰਪੀ ਢਿੱਲੋਂ ਨੇ ਛੱਡੀ ਪਾਰਟੀ

**ਜਲੰਧਰ/ਚੰਡੀਗੜ੍ਹ, 25 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਨੂੰ ਅੱਜ ਉਸ ਸਮੇਂ ਇਕ ਹੋਰ ਵੱਡਾ ਝਟਕਾ ਲੱਗਾ ਜਦੋਂ ਸੀਨੀਅਰ ਆਗੂ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਅਕਾਲੀ ਦਲ ਦੀ ਪਾਰਟੀ ਤੋਂ ਅਸਤੀਫ਼ਾ ਦੇ ਦਿੱਤਾ। ਡਿੰਪੀ ਢਿੱਲੋਂ ਸੁਖਬੀਰ ਸਿੰਘ ਬਾਦਲ ਦੇ ਬੇਹੱਦ ਕਰੀਬੀ ਰਹੇ ਹਨ। ਇਥੇ ਇਹ ਵੀ ਦੱਸਣਯੋਗ ਹੈ ਕਿ ਡਿੰਪੀ ਢਿੱਲੋਂ



ਦੇ ਆਮ ਆਦਮੀ ਪਾਰਟੀ 'ਚ ਜਾਣ ਦੀਆਂ ਚਰਚਾਵਾਂ ਸ਼ੁਰੂ ਹੋ ਗਈਆਂ ਹਨ ਪਰ ਉਹ ਕਦੋਂ ਕੋਈ ਹੋਰ ਪਾਰਟੀ ਜੁਆਇਨ ਕਰਨਗੇ, ਇਸ ਬਾਰੇ ਅਜੇ ਕੁਝ ਵੀ ਪਤਾ ਨਹੀਂ ਹੈ। ਹਰਦੀਪ ਸਿੰਘ ਡਿੰਪੀ ਗਿੱਦੜਬਾਹਾ ਤੋਂ ਵਿਧਾਨ ਸਭਾ ਦੀ ਚੋਣ ਲੜ ਚੁੱਕੇ ਹਨ। ਅਸਤੀਫ਼ਾ ਦੇਣ ਮਗਰੋਂ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਕਿਹਾ ਕਿ ਮੈਂ ਪਾਰਟੀ ਦੇ ਸਾਰੇ ਅਹੁਦਿਆਂ ਤੋਂ ਅਸਤੀਫ਼ਾ ਦਿੱਤਾ ਹੈ। ਮਨ ਇੰਨਾ ਭਰਿਆ ਹੋਇਆ ਕਿ ਬੋਲਿਆ ਵੀ ਨਹੀਂ ਜਾ ਰਿਹਾ। ਉਨ੍ਹਾਂ ਦਾ ਸਾਰਾ ਪਰਿਵਾਰ ਇਕੱਠਾ ਹੋ ਗਿਆ ਹੈ। ਸਾਡੇ ਵਰਗੇ ਤਾਂ ਵਰਤਣ ਲਈ ਹੁੰਦੇ ਹਨ। ਸਮਰਥਕਾਂ ਦੀ ਰਾਏ ਨਾਲ ਅਗਲਾ ਫ਼ੈਸਲਾ ਲਵਾਂਗਾ। ਦੱਸਣਯੋਗ ਹੈ ਕਿ ਡਿੰਪੀ ਢਿੱਲੋਂ ਗਿੱਦੜਬਾਹਾ ਤੋਂ ਅਕਾਲੀ ਦਲ ਦੇ ਇੰਚਾਰਜ ਵੀ ਸਨ ਅਤੇ 2 ਵਾਰ ਅਕਾਲੀ ਦਲ ਵੱਲੋਂ ਰਾਜਾ ਵੜਿੰਗ ਖ਼ਿਲਾਫ਼ ਚੋਣ ਲੜ ਚੁੱਕੇ ਹਨ। ਇਹ ਵੀ ਦੱਸਣਯੋਗ ਹੈ ਕਿ ਗਿੱਦੜਬਾਹਾ 'ਚ ਜ਼ਿਮਨੀ ਚੋਣ ਹੋਣੀ ਹੈ ਅਤੇ ਸੁਖਬੀਰ ਬਾਦਲ ਪਿਛਲੇ ਕੁਝ ਦਿਨਾਂ ਤੋਂ ਇਸ ਹਲਕੇ 'ਚ ਸਰਗਰਮ ਹਨ। ਇਹ ਗੱਲ ਵੀ ਸਾਹਮਣੇ ਆ ਰਹੀ ਹੈ ਕਿ ਡਿੰਪੀ ਢਿੱਲੋਂ ਨੂੰ ਗਿੱਦੜਬਾਹਾ ਤੋਂ ਉਮੀਦਵਾਰ ਐਲਾਨਿਆ ਜਾ ਸਕਦਾ ਸੀ ਪਰ ਅਜੇ ਤੱਕ ਗਿੱਦੜਬਾਹਾ ਤੋਂ ਉਮੀਦਵਾਰ ਵਜੋਂ ਉਨ੍ਹਾਂ ਦੇ ਨਾਂ ਦਾ ਐਲਾਨ ਨਹੀਂ ਕੀਤਾ ਗਿਆ ਸੀ, ਜਿਸ ਕਾਰਨ ਹਰਦੀਪ ਸਿੰਘ ਡਿੰਪੀ ਢਿੱਲੋਂ ਅਕਾਲੀ ਦਲ ਤੋਂ ਨਾਰਾਜ਼ ਚੱਲ ਰਹੇ ਹਨ। ਦੱਸ ਦੇਈਏ ਕਿ 18 ਅਗਸਤ ਨੂੰ ਗਿੱਦੜਬਾਹਾ 'ਚ ਸੁਖਬੀਰ ਸਿੰਘ ਬਾਦਲ ਦੀ ਅਗਵਾਈ 'ਚ ਕੀਤੀ ਗਈ ਮੀਟਿੰਗ ਦੌਰਾਨ ਡਿੰਪੀ ਨੇ ਕਿਹਾ ਸੀ ਕਿ ਮੈਂ ਸ਼ਰੇਆਮ ਕਹਿੰਦਾ ਹਾਂ ਕਿ ਅੱਜ ਜੋ ਕੁੱਝ ਵੀ ਹਾਂ, ਸੁਖਬੀਰ ਬਾਦਲ ਕਰਕੇ ਹਾਂ। ਲੋਕ ਬਹੁਤ ਅਫ਼ਵਾਹਾਂ ਉਡਾ ਰਹੇ ਹਨ ਪਰ ਇਹ ਦਰੱਖ਼ਤ ਹਿੱਲਣ ਵਾਲਾ ਨਹੀਂ ਹੈ।

# Nankana Sahib Yatra Committe Uk



# pakistan gurdwara yatra

## 6th november to 16th november 2024 yatra includes 25+ gurudwara sahib darshan .Accommodation in hotels and travel within pakistan and yatra start to finish point in AC coaches

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
**Khehra VAISHNO DHABA**
BREAKFAST
LUNCH
DINNER

OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



# ਪੰਜਾਬੀ
## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ | Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write
PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ
ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ
ਖਾਲਸਾ
ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ
ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ
ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ
ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715128621






KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।




## www.khalsaforge.com





ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਜੀ ਹੈੱਡ ਗ੍ਰੰਥੀ
ਸਿੰਘ ਸਾਹਿਬ ਜੀ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਮਰਿਆਦਾ ਪ੍ਰਤੀ ਦ੍ਰਿੜਤਾ, ਗੁਰਬਾਣੀ ਦੇ ਗੂੜ੍ਹ, ਸਿੱਖ ਇਤਿਹਾਸ ਦੇ ਡੂੰਘੇ ਅਧਿਐਨ, ਸਿੱਖੀ ਦੇ ਪ੍ਰਚਾਰ ਲਈ ਕੀਤੇ ਅਣਥੱਕ ਜਤਨ ਕਰਕੇ ਹਮੇਸ਼ਾ ਇਕ ਨਿਧੜਕ ਧਾਰਮਿਕ ਆਗੂ ਵੱਜੋਂ ਯਾਦ ਕੀਤਾ ਜਾਂਦਾ ਰਹੇਗਾ।
ਆਵਾਜ਼ਿ ਕੌਮ AWAZE QAUM International Newspaper & WEB TV
ਸੰਗਤਾਂ ਨੂੰ ਜੀ ਆਇਆਂ ਨੂੰ
ਪਹਿਲਾ ਬਰਸੀ ਸਮਾਗਮ
ਮਿਤੀ 26 ਅਗਸਤ 2024 ਦਿਨ ਸੋਮਵਾਰ ਸਥਾਨ:- ਗੁ: ਬਾਬਾ ਸਵਾਇਆ ਸਿੰਘ ਜੀ ਛਾਉਣੀ ਦਲ ਬਾਬਾ ਬਿਧੀ ਚੰਦ ਸਾਹਿਬ ਜੀ, ਸਾਹਮਣੇ ਬੁਲਾਰੀਆ ਪਾਰਕ ਚਾਟੀਵਿੰਡ ਗੇਟ, ਅੰਮ੍ਰਿਤਸਰ ਸਾਹਿਬ
ਵੱਲੋਂ:- ਸੰਤ ਬਾਬਾ ਅਵਤਾਰ ਸਿੰਘ ਜੀ 12ਵੇਂ ਜਾਨਸ਼ੀਨ ਸੰਪ੍ਰਦਾਇ ਦਲ ਬਾਬਾ ਬਿਧੀ ਚੰਦ ਸਾਹਿਬ ਅਤੇ ਸਿੰਘ ਸਾਹਿਬ ਜੀ ਦਾ ਸਮੂਹ ਪਰਿਵਾਰ
ਬੇਨਤੀ ਕਰਤਾ: ਬਾਬਾ ਨਾਹਰ ਸਿੰਘ ਸਾਧ ਜੀ, ਗੁਰਮੀਤ ਸਿੰਘ ਸੁਰਸਿੰਘ ਮੈਂਬਰ ਜਰਨਲ ਕੌਂਸਲ

# ਸੰਤ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੀ ਬਰਸੀ ਤੇ ਪ੍ਰਣਾਮ




## Sant Isher Singh Ji Rara Sahib walian di Barsi Te Parnam

www.damdamitaksal.net

ਆਵਾਜ਼ਿ ਕੌਮ AWAZE QAUM International Newspaper & WEB TV




# ਦੀਵਾਨ ਟੋਡਰ ਮੱਲ ਸੇਵਾ ਸੁਸਾਇਟੀ, (ਰਜਿ.) ਫਿਰੋਜ਼ਪੁਰ ਵੱਲੋਂ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਕਰਵਾਏ ਜਾਂ ਹਨ




**ਫਿਰੋਜ਼ਪੁਰ 25 ਅਗਸਤ (ਸੁਖਮੰਦਰ ਸਿੰਘ ਸ਼ਾਤ)**- ਦੀਵਾਨ ਟੋਡਰ ਮਲ ਸੇਵਾ ਸੁਸਾਇਟੀ ਫਿਰੋਜਪੁਰ ਵੱਲੋਂ ਸੱਤ ਗਰੀਬ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਕਰਵਾਏ ਜਾ ਰਹੇ ਹਨ।ਜੋ ਕਿ 22 ਸਤੰਬਰ 2024 ਦਿਨ ਐਤਵਾਰ ਨੂੰ ਸਥਾਨ ਪਿੰਡ ਮਹਾਲਮ ਦਾਣਾ ਮੰਡੀ ਵਿਖੇ ਕਰਵਾਏ ਜਾਣਗੇ। ਜਿਸ ਵਿੱਚ ਸੇਵਾ ਸੋਸਾਇਟੀ ਵੱਲੋਂ ਲੜਕੀਆਂ ਨੂੰ ਲੋੜੀਂਦਾ ਸਮਾਨ ਦਾਜ ਵਜੋਂ ਦਿੱਤਾ ਜਾਵੇਗਾ।ਅਤੇ ਜੇ ਕਰ ਕੋਈ ਦਾਨੀ ਸੱਜਣ ਕਿਸੇ ਤਰ੍ਹਾਂ ਦੀ ਸੇਵਾ ਜਾ ਦਾਨ ਕਰਨਾ ਚਾਹੁੰਦਾ ਹੈ ਤਾਂ ਉਹ ਸੁਸਾਇਟੀ ਨਾਲ ਸੰਪਰਕ ਕਰ ਸਕਦੇ ਹਨ। ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸੁਭਾਸ਼ ਸਿੰਘ ਇਸ ਪ੍ਰੋਗਰਾਮ ਵਿੱਚ ਹੁੱਮ ਹੁਮਾਂ ਕੇ ਪਹੁੰਚਣ ਦੀ ਅਪੀਲ ਕੀਤੀ।

## ਜਨਮ ਅਸ਼ਟਮੀ ਮੌਕੇ ਸ੍ਰੀ ਜੈ ਕ੍ਰਿਸ਼ਨ ਮੰਦਰ ਤੋਂ ਕੱਢੀ ਗਈ ਪ੍ਰਭਾਤ ਫੇਰੀ



**ਚੌਕ ਮਹਿਤਾ, 25ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਭਗਵਾਨ ਸ਼੍ਰੀ ਕ੍ਰਿਸ਼ਨ ਮਹਾਰਾਜ ਜੀ ਸੰਪੂਰਨ ਅਵਤਾਰ ਦੇ 16ਵੇਂ ਅਵਤਾਰ ਹਨ ਅਤੇ ਜਨਮ ਅਸ਼ਟਮੀ ਦਾ ਤਿਉਹਾਰ ਪੂਰੇ ਭਾਰਤ ਵਿੱਚ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਜੈ ਕ੍ਰਿਸ਼ਨ ਸੰਪਰਦਾ ਦੇ ਅਧਿਆਤਮਿਕ ਕੇਂਦਰ ਪੁਰਾਤਨ ਮੰਦਰ ਸ਼੍ਰੀ ਜੈ ਕ੍ਰਿਸ਼ਨਾ ਵਿੱਚ ਜਨਮ ਅਸ਼ਟਮੀ ਦੇ ਮੌਕੇ 'ਤੇ ਪ੍ਰਭਾਤ ਫੇਰੀ ਕੱਢੀ ਗਈ। ਜਿਸ ਵਿੱਚ ਠਾਕੁਰ ਜੀ ਨੂੰ ਰੱਥ ਵਿੱਚ ਬਿਠਾ ਕੇ ਪੂਜਾ ਕੀਤੀ ਗਈ। ਮੰਦਿਰ ਦੇ ਸੰਚਾਲਕ ਦਰਸ਼ਨਚਾਰੀਆ ਸਾਗਰ ਮੁਨੀ ਸ਼ਾਸਤਰੀ ਜੀ ਨੇ "ਵਰਾਜ ਮੇਂ ਹੋ ਰਹੀ ਜੈ ਜੈ ਕਾਰ ਨੰਦ ਘਰ ਲਾਲਾ ਜਯੋ ਹੈ" ਦਾ ਭਜਨ ਗਾਇਆ ਜਿਸ 'ਤੇ ਸੰਗਤਾਂ ਨੱਚੀਆਂ। ਪ੍ਰਭਾਤ ਫੇਰੀ ਕੰਪਨੀ ਬਾਗ ਤੋਂ ਸ਼ੁਰੂ ਹੋ ਕੇ ਨਾਵਲਟੀ ਚੌਕ, ਕ੍ਰਿਸਟਲ ਚੌਕ ਤੋਂ ਹੁੰਦੀ ਹੋਈ ਮੰਦਰ ਪਹੁੰਚੀ।ਸ਼ਰਧਾਲੂਆਂ ਨੇ ਵੱਖ-ਵੱਖ ਥਾਵਾਂ 'ਤੇ ਪ੍ਰਭਾਤਫੇਰੀ ਦਾ ਸਵਾਗਤ ਕੀਤਾ ਅਤੇ ਪ੍ਰਸ਼ਾਦ ਵੰਡਿਆ। ਭਗਵਾਨ ਸ਼੍ਰੀ ਕ੍ਰਿਸ਼ਨ ਮਹਾਰਾਜ ਦੇ ਜਨਮ ਦਿਹਾੜੇ ਨੂੰ ਲੈ ਕੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਪ੍ਰੋਗਰਾਮ ਵਿੱਚ ਅੰਜਨਾ ਲੂਥਰਾ, ਨੀਲਮ ਮਹਾਜਨ, ਰਾਕੇਸ਼ ਮਹਾਜਨ, ਅਰੁਣ ਚੌਹਾਨ, ਚਾਂਦਨੀ ਚੌਹਾਨ, ਨੀਲਮ ਮਹਾਜਨ, ਦੇਵ ਦਾਸ ਬਾਵਾ, ਅਮਿਤ ਸ਼ਿੰਗਾਰੀ, ਰਜਤ ਮਹਾਜਨ ਆਦਿ ਸ਼ਰਧਾਲੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਤਖ਼ਤ ਸ੍ਰੀ ਹਜ਼ੂਰ ਸਾਹਿਬ ਤੋਂ ਰਵਨੀਤ ਬਿੱਟੂ ਨੂੰ ਸਨਮਾਨਿਤ ਕੀਤੇ ਜਾਣ ਨਾਲ

# ਸਿੱਖ ਕੌਮ 'ਚ ਭਾਰੀ ਰੋਸ : ਹਰਜੀਤ ਸਿੰਘ ਪੁਰੇਵਾਲ, ਸ਼ਮਸ਼ੇਰ ਸਿੰਘ ਪੱਧਰੀ

**ਤਖ਼ਤ ਸ੍ਰੀ ਹਜ਼ੂਰ ਸਾਹਿਬ ਸਾਹਿਬ ਤੋਂ ਸਿੱਖ ਕੌਮ ਦਾ ਘਾਣ ਕਰਨ ਵਾਲੇ ਮੁੱਖ ਮੰਤਰੀ ਦੇ ਪਤਿੱਤ ਪੋਤਰੇ ਨੂੰ ਸਨਮਾਨਿਤ ਕਰਵਾਕੇ ਨਿੱਤ ਨਵੇਂ ਵਿਵਾਦ ਖੜੇ ਕਰਨਾਂ ਕੇਂਦਰੀ ਹਕੂਮਤਾਂ ਵੱਲੋਂ ਸਿੱਖਾਂ ਵਿਰੁੱਧ ਰਚੀਆਂ ਜਾ ਰਹੀਆਂ ਵੱਡੀਆਂ ਸਾਜਿਸ਼ਾਂ ਦਾ ਹਿੱਸਾ, ਸਿੱਖ ਕੌਮ ਚ' ਭਾਰੀ ਰੋਸ :- ਹਰਜੀਤ ਸਿੰਘ ਪੁਰੇਵਾਲ ਸ਼ਮਸ਼ੇਰ ਸਿੰਘ ਪੱਧਰੀ**





**ਅੰਮ੍ਰਿਤਸਰ, 25 ਅਗਸਤ (ਆਵਾਜ਼ਿ ਕੌਮ ਬਿਊਰੋ)-** ਤਖ਼ਤ ਸਾਹਿਬਾਨਾਂ ਤੋਂ ਸਿੱਖ ਕੌਮ ਦਾ ਘਾਣ ਕਰਨ ਵਾਲੇ ਮੁੱਖ ਮੰਤਰੀ ਦੇ ਪਤਿੱਤ ਪੋਤਰੇ ਨੂੰ ਪੂਰਨ ਮਰਿਆਦਾ ਅਨੁਸਾਰ ਸਨਮਾਨਿਤ ਕਰਵਾਕੇ ਨਿੱਤ ਨਵੇਂ ਵਿਵਾਦ ਖੜੇ ਕਰਨਾਂ ਕੇਂਦਰੀ ਹਕੂਮਤਾਂ ਵੱਲੋਂ ਸਿੱਖ ਕੌਮ ਵਿਰੁੱਧ ਰਚੀਆਂ ਜਾ ਰਹੀਆਂ ਵੱਡੀਆਂ ਸਾਜਿਸ਼ਾਂ ਦਾ ਹਿੱਸਾ ਹੈ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਦੇ ਸਮੱਰਥਕ ਭਾਈ ਹਰਜੀਤ ਸਿੰਘ ਪੁਰੇਵਾਲ ਅਤੇ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਕੀਤਾ। ਤਖ਼ਤ ਸ੍ਰੀ ਹਜ਼ੂਰ ਸਾਹਿਬ ਤੋਂ ਰਵਨੀਤ ਬਿੱਟੂ ਨੂੰ ਸਨਮਾਨਿਤ ਕੀਤੇ ਜਾਣ ਉਪਰੰਤ ਉਸਦੀਆਂ ਫੋਟੋਆਂ ਸੋਸ਼ਲ ਮੀਡੀਆ ਵਾਇਰਲ ਹੋਣ ਤੇ ਭਾਈ ਹਰਜੀਤ ਸਿੰਘ ਪੁਰੇਵਾਲ ਅਤੇ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਸਿੱਖ ਕੌਮ ਵਿੱਚ ਵੱਡੇ ਮੱਤਭੇਦ ਪੈਦਾ ਕਰਨ ਲਈ ਕੇਂਦਰੀ ਏਜੰਸੀਆਂ ਵੱਲੋਂ ਦਬਾਓ ਬਣਾਂ ਕੇ ਸਾਜਿਸ਼ਨ ਆਏ ਰੋਜ਼ ਅਜਿਹੀਆਂ ਕਾਰਵਾਈਆਂ ਨੂੰ ਸਰ-ਅੰਜਾਮ ਦਿੱਤਾ ਜਾ ਰਿਹਾ ਹੈ ਤਾਂ ਜੋ ਸਿੱਖਾਂ ਅੰਦਰ ਬੈਚੇਨੀ ਦਾ ਮਹੌਲ ਖੜਾ ਕੀਤਾ ਜਾਵੇ ਸਿੱਖ ਇਹਨਾਂ ਵਿਵਾਦਾਂ ਤੇ ਕੇਂਦਰਿਤ ਹੋਕੇ ਆਪਣੀਂ ਕੌਮੀ ਨਿਸ਼ਾਨਿਆਂ ਤੋਂ ਦੂਰ ਹੋ ਸਕਣ। ਭਾਈ ਪੁਰੇਵਾਲ ਅਤੇ ਭਾਈ ਪੱਧਰੀ ਨੇ ਵਿਸਥਾਰ ਸਹਿਤ ਕਿਹਾ ਕਿ ਇਸ ਵਕ.ਤ ਪੂਰੇ ਵਿਸ਼ਵ ਦੇ ਸਿੱਖਾਂ ਵੱਲੋਂ ਖ਼ਾਲਸਾ ਰਾਜ ਜਿਹੇ ਵੱਖਰੇ ਸਿੱਖ ਰਾਜ ਦੀ ਜ਼ੋਰ ਨਾਲ ਉੱਠ ਰਹੀ ਖ਼ਾਸ ਮੰਗ ਨੂੰ ਦਬਾਉਣ ਲਈ ਸਿੱਖਾਂ ਵਿੱਚ ਆਪਸੀ ਤਰੇੜਾਂ ਪਾਉਣ ਨੂੰ ਟੀਚਾ ਬਣਾਕੇ ਅਜਿਹੇ ਕਾਰਜ ਕਰਵਾਏ ਜਾ ਰਹੇ ਹਨ ਤਾਂ ਜੋ ਸਿੱਖ ਕੌਮ ਇਹਨਾਂ ਮਸਲਿਆਂ ਵਿੱਚ ਹੀ ਉਲਝ ਕੇ ਰਹਿ ਜਾਵੇ ਅਤੇ ਖ਼ਾਲਸਾ ਰਾਜ ਦੀ ਮੰਗ ਦਾ ਮੁੱਦਾ ਆਪਸੀ ਧੜੇਬੰਦੀਆਂ ਤੇ ਇਲਜ਼ਾਮਾਂ ਥੱਲੇ ਦੱਬਿਆ ਰਹੇ। ਉਹਨਾਂ ਕਿਹਾ ਕਿ ਸਾਡੇ ਤਖ਼ਤ ਸਾਹਿਬਾਨਾਂ ਦੇ ਪ੍ਰਬੰਧਨ ਅੰਦਰ ਵੀ ਕੇਂਦਰੀ ਏਜੰਸੀਆਂ ਵੱਲੋਂ ਭਾਰੀ ਘੁਸਪੈਠ ਕਰ ਲਈ ਗਈ ਹੈ ਜਿਸ ਕਾਰਨ ਸਿੱਖ ਕੌਮ ਨੂੰ ਇੱਕ ਮੱਤ ਹੋਕੇ ਇਹਨਾਂ ਪ੍ਰਬੰਧਾਂ ਨੂੰ ਨਵਿਆਉਣ ਦੀ ਭਾਰੀ ਲੋੜ ਮਹਿਸੂਸ ਹੋ ਰਹੀ ਹੈ। ਇਸ ਤੋਂ ਕੁਝ ਦਿਨ ਪਹਿਲਾਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਵੱਲੋਂ ਨਿਸ਼ਾਨ ਸਾਹਿਬਾਨ ਦੇ ਚੋਲਾਂ ਸਾਹਿਬ ਦੇ ਰੰਗ ਦੀ ਤਬਦੀਲੀ ਕਰਕੇ ਸਿੱਖ ਕੌਮ ਵਿੱਚ ਵੱਡਾ ਵਿਵਾਦ ਖੜਾ ਕਰ ਦਿੱਤਾ ਹੈ ਅਤੇ ਸਾਰੀ ਸਿੱਖ ਕੌਮ ਵਿਚਾਰਕ ਤੌਰ ਤੇ ਇਸ ਵਿਸ਼ੇ ਤੇ ਵੀ ਕਈ ਹਿੱਸਿਆਂ ਵਿੱਚ ਵੰਡੀ ਗਈ ਹੈ। ਇਸ ਨਾਲ ਸਿੱਖਾਂ ਵਿੱਚ ਇਸ ਵਿਸ਼ੇ ਤੇ ਜਿਸ ਪ੍ਰਕਾਰ ਵਿਚਾਰਿਕ ਮੱਤਭੇਦ ਪੈਦਾ ਹੋ ਗਏ ਹਨ ਉਹ ਸਮੁੱਚੀ ਸਿੱਖ ਕੌਮ ਲਈ ਕਮਜੋਰੀ ਦਾ ਬਹੁਤ ਵੱਡਾ ਬਾਇਸ ਬਣ ਰਹੇ ਹਨ। ਉਹਨਾਂ ਕਿਹਾ ਕਿ ਇਸ ਤਰਾਂ ਪਹਿਲਾਂ ਪੰਜਾਬ ਦੇ ਪਤਿੱਤ ਮੁੱਖ ਮੰਤਰੀ ਭਗਵੰਤ ਮਾਨ ਅਤੇ ਫਿਰ ਪਤਿੱਤ ਰਵਨੀਤ ਬਿੱਟੂ ਨੂੰ ਤਖ਼ਤ ਸ੍ਰੀ ਹਜ਼ੂਰ ਸਾਹਿਬ ਵਿਖੇ ਪੂਰਨ ਮਰਿਆਦਾ ਸਹਿਤ ਸਨਮਾਨਿਤ ਕੀਤੇ ਜਾਣਾਂ ਜਥੇਦਾਰ ਸਾਹਿਬਾਨ ਦੀ ਕਾਰਗੁਜ਼ਾਰੀ ਤੇ ਵੀ ਵੱਡੇ ਸਵਾਲ ਖੜੇ ਕਰਦਾ ਹੈ ਕਿਉਂਕਿ ਕਿਸੇ ਵੀ ਵਿਅਕਤੀ ਵਿਸ਼ੇਸ਼ ਤੋਂ ਸਿਰਮੌਰ ਹੈ ਤਖ਼ਤ ਸਾਹਿਬਾਨਾਂ ਦੀ ਮਰਿਆਦਾ ਤੇ ਸਰਵਉੱਚਤਾ।

31 ਤਰੀਕ ਨੂੰ ਸ਼ੰਭੂ ਬਾਰਡਰ ਤੇ 200 ਦਿਨ ਪੂਰੇ ਹੋਣ ਤੇ ਜੋਨ ਵਿੱਚੋਂ

# ਵੱਧ ਤੋਂ ਵੱਧ ਸੰਗਤ ਭੇਜਣ ਲਈ ਕੀਤੀ ਮੀਟਿੰਗ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 25 ਅਗਸਤ (ਕੁਲਜੀਤ ਸਿੰਘ ਖੋਖਰ)-** ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜੋਨ ਸਠਿਆਲੀ ਦੀ ਮੀਟਿੰਗ ਗੁਰਦੁਆਰਾ ਨਾਨਕਸਰ ਵਿਖੇ ਹੋਈ ਜਿਸ ਦੀ ਅਗਵਾਈ ਸੂਬਾ ਆਗੂ ਹਰਵਿੰਦਰ ਸਿੰਘ ਮਸਾਣੀਆਂ ਨੇ ਕੀਤੀ। ਮੀਟਿੰਗ ਵਿੱਚ 31 ਤਰੀਕ ਨੂੰ ਸ਼ੰਭੂ ਬਾਰਡਰ ਤੇ 200 ਦਿਨ ਪੂਰਾ ਹੋਣ ਤੇ ਜੋਨ ਵਿੱਚੋਂ ਵੱਧ ਤੋਂ ਵੱਧ ਸੰਗਤ ਭੇਜਣ ਲਈ ਕਿਹਾ ਗਿਆ ਅਤੇ ਅਗਲੀ 10 ਤਰੀਕ ਤੋਂ ਜ਼ਿਲ੍ਹਾ ਗੁਰਦਾਸਪੁਰ ਦੀ ਵਾਰੀ ਜੋ 20 ਦਿਨ ਬਣਦੀ ਹੈ ਬਾਰੇ ਵੀ ਕੋਰ ਕਮੇਟੀ ਅਤੇ ਆਏ ਹੋਏ ਪਿੰਡਾਂ ਦੀਆਂ ਸੰਗਤਾਂ ਨਾਲ ਵਿਚਾਰ ਚਰਚਾ ਕਰਦਿਆਂ ਹਾਈਵੇ ਵਿੱਚ ਆ ਰਹੀਆਂ ਜਮੀਨਾਂ ਦੇ ਬਾਰੇ ਵੀ ਜਥੇਬੰਦੀ ਵੱਲੋਂ ਸਪਸ਼ਟ ਕੀਤਾ ਗਿਆ ਕਿ ਕਿਸੇ ਨਾਲ ਧੱਕਾ ਨਹੀਂ ਹੋਣ ਦਿੱਤਾ ਜਾਵੇਗਾ ਜੋ ਲੋਕ ਜਥੇਬੰਦੀ ਨਾਲ ਮੋਢੇ ਨਾਲ ਮੋਢਾ ਜੋੜ ਕੇ ਤੁਰਦੇ ਹਨ ਜਥੇਬੰਦੀ ਉਹਨਾਂ ਦੇ ਮੁੱਦਿਆਂ ਤੇ ਅਖੀਰ ਤੱਕ ਲੜੇਗੀ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਰਦਾਰ ਹਰਵਿੰਦਰ ਸਿੰਘ ਮਸਾਣੀਆਂ, ਗੁਰਮੁਖ ਸਿੰਘ ਖਾਣ ਮਲਕ, ਅਨੂਪ ਸਿੰਘ ਬਲੱਗਣ, ਲਖਵਿੰਦਰ ਸਿੰਘ ਕਾਲਾ ਬਾਲਾ, ਰਣਜੀਤ ਸਿੰਘ ਧੰਦਲ, ਗੁਰਮੇਜ ਸਿੰਘ ਨੈਣੋਕੋਟ ,ਪਰਮਜੀਤ ਸਿੰਘ ਨਿਮਾਣੇ, ਹਰਵੰਤ ਸਿੰਘ ਕੋਟ ਟੋਡਰਮੱਲ, ਅਜੀਤ ਸਿੰਘ ਭਿੱਟੇਵੱਡ, ਕਾਬਲ ਸਿੰਘ ਧੰਦਲ ,ਹੀਰਾ ਸਿੰਘ, ਨਿਰਮਲ ਸਿੰਘ ਬਲਕਾਰ ਸਿੰਘ ਲੀਲਾ ਸਿੰਘ ਨਿਸ਼ਾਨ ਸਿੰਘ, ਜੋਗਿੰਦਰ ਸਿੰਘ ,ਸਾਹਿਬ ਸਿੰਘ, ਤਰਸੇਮ ਸਿੰਘ, ਗੁਰਮੰਗਲ ਸਿੰਘ, ਪਰਗਟ ਸਿੰਘ ਆਦਿ ਆਗੂ ਹਾਜ਼ਰ ਹੋਏ।

# ਐੱਸ.ਜੀ.ਐੱਨ.ਇੰਟਰਨੈਸ਼ਨਲ ਸਕੂਲ ਦੀਵਾਨਾਂ ਦੇ ਵਿਦਿਆਰਥੀਆਂ ਨੇ ਜਨਮ ਅਸ਼ਟਮੀ ਮਨਾਈ




**ਬਰਨਾਲਾ, (ਵਰਿਆਮ ਹਠੂਰ)-** ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ ਜੀ. ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾਂ ਵਿਖੇ ਜਨਮ ਅਸ਼ਟਮੀ ਮਨਾਈ ਗਈ। ਇਸ ਮੌਕੇ ਸਕੂਲ ਦੇ ਬੱਚਿਆਂ ਨੇ ਸ਼੍ਰੀ ਕ੍ਰਿਸ਼ਨ ਜੀ ਦੇ ਸੁੰਦਰ ਪਹਿਰਾਵੇ ਪਹਿਨ ਕੇ ਕ੍ਰਿਸ਼ਨ ਜੀ ਦੇ ਰੋਲ ਨਾਲ ਵੱਖ-ਵੱਖ ਪੇਸ਼ਕਾਰੀਆਂ ਪੇਸ਼ ਕੀਤੀਆਂ ਇਸ ਮੌਕੇ ਸਕੂਲ ਸਟਾਫ਼ ਵੱਲੋਂ ਬੱਚਿਆਂ ਨੂੰ ਜਨਮ ਅਸ਼ਟਮੀ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ ਗੱਲਬਾਤ ਕਰਦਿਆਂ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਕਿਹਾ ਕਿ ਸਕੂਲ ਵਿੱਚ ਹਰ ਸਾਲ ਜਨਮ ਅਸ਼ਟਮੀ ਮੌਕੇ ਬੱਚਿਆਂ ਦੁਆਰਾ ਵੱਖ ਵੱਖ ਗਤੀਵਿਧੀਆਂ ਕਰਕੇ ਅੱਛੀਆਂ ਪੇਸ਼ਕਾਰੀ ਕੀਤੀ ਜਾਂਦੀ ਹੈ। ਤੇ ਬੱਚਿਆਂ ਨੂੰ ਸਮੇਂ ਸਮੇਂ ਤੇ ਸਨਮਾਨਿਤ ਵੀ ਕੀਤਾ ਜਾਂਦਾ ਹੈ। ਇਸ ਮੌਕੇ ਸਮੁੱਚੇ ਸਟਾਫ਼ ਵਿੱਚ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਕੁਲਜੀਤ ਸਿੰਘ ਅਤੇ ਸਮੂਹ ਸਟਾਫ਼ ਪ੍ਰਦੀਪ ਕੌਰ, ਰਮਨਜੀਤ ਕੌਰ, ਪਵਨਜੀਤ ਕੌਰ ਹਰਪ੍ਰੀਤ ਕੌਰ, ਗੁਰਪ੍ਰੀਤ ਕੌਰ, ਜਸਪ੍ਰੀਤ ਕੌਰ, ਮਨਦੀਪ ਕੌਰ , ਸਰਬਜੀਤ ਕੌਰ, ਅਮਨਦੀਪ ਕੌਰ, ਅਮਨਜੋਤ ਕੌਰ ,ਸੁਖਜੀਤ ਕੌਰ ,ਰਮਨਦੀਪ ਕੌਰ ,ਕਮਲਜੀਤ ਕੋਰ ਸੁਖਮੀਤ ਕੌਰ ਲਛਮਣੀ, ਅਮਨਜੋਤ ਕੌਰ, ਆਦਿ ਤੋਂ ਇਲਾਵਾ ਸਮੁੱਚੀ ਮੈਨੇਜ਼ਮੈਂਟ ਹਾਜ਼ਿਰ ਸੀ।

# ਕੀ ਕੁੜੀਆਂ ਇਨਸਾਨ ਨਹੀਂ ਹਨ ?



ਕੀ ਕੁੜੀਆਂ ਇਨਸਾਨ ਨਹੀਂ ਹਨ ? ਕੀ ਉਹ ਉਂਗਲੀਆਂ ਤੇ ਨੱਚਣ ਵਾਲੀਆਂ ਕਠਪੁਤਲੀਆਂ ਹਨ ? ਕੀ ਉਹਨਾਂ 'ਚ ਕੋਈ ਭਾਵਨਾਵਾਂ ਨਹੀਂ ਹਨ ? ਹਰ ਵਾਰੀ ਕੁੜੀਆਂ ਨੂੰ ਹੀ ਕਿਉਂ ਗਲਤ ਕਿਹਾ ਜਾਂਦਾ ਹੈ ? ਉਹਨਾਂ ਤੇ ਹੀ ਕਿਉਂ ਪਾਬੰਦੀਆਂ ਲਗਾਈਆਂ ਜਾਂਦੀਆਂ ਹਨ ?ਉਹਨਾਂ ਨੂੰ ਹੀ ਕਿਉਂ ਹਮੇਸ਼ਾ ਝੁਕਣਾ ਪੈਂਦਾ ਹੈ ? ਇਹ ਸਭ ਕੁਝ ਗਲਤ ਹੈ।ਕੁੜੀਆਂ ਨੂੰ ਆਪਣੇ ਲਈ ਖੜਾ ਹੋਣਾ ਪਵੇਗਾ। ਆਪਣੇ ਵਾਸਤੇ ਖੁਦ ਆਵਾਜ਼ ਉਠਾਉਣੀ ਪਵੇਗੀ। ਹਰ ਇੱਕ ਕੁੜੀ ਨੂੰ ਆਪਣੀ ਰੱਖਿਆ ਲਈ ਕਰਾਟੇ ਸਿੱਖਣੇ ਚਾਹੀਦੇ ਹਨ। ਕੁੜੀ ਹੋਣਾ ਪਾਪ ਨਹੀਂ ਹੈ। ਕਿਸੇ ਮਹਾਨ ਵਿਅਕਤੀ ਨੇ ਸੱਚ ਹੀ ਕਿਹਾ ਹੈ " ਪੁੱਤ ਕਿਸਮਤ ਨਾਲ ਮਿਲਦੇ ਨੇ ਤੇ ਧੀਆਂ ਖੁਸ਼ਿਕਸਮਤੀ ਨਾਲ "। ਜਦੋਂ ਕਿਸੇ ਦੀ ਧੀ ਨਾਲ ਕੋਈ ਬਦਤਮੀਜ਼ੀ ਕਰਦਾ ਹੋਵੇ ਤਾਂ ਅਸੀਂ ਉਥੋਂ ਚਲੇ ਜਾਂਦੇ ਹਾਂ ਪਰ ਜੇ ਉਹੀ ਸਾਡੀ ਧੀ ਨਾਲ ਹੋਵੇ ਤਾਂ ਅਸੀਂ ਸਮੇਂ ਦੀਆਂ ਸਰਕਾਰਾਂ ਦਿੰਦੇ ਹਾਂ।ਮੈਨੂੰ ਇੱਕ ਗੱਲ ਸਮਝ ਨਹੀਂ ਆਉਂਦੀ ਕਿ ਰੱਬ ਨੇ ਸਾਨੂੰ ਇਸ ਧਰਤੀ ਤੇ ਪਰਮਾਤਮਾ ਦਾ ਨਾਮ ਜਪਣ ਅਤੇ ਚੰਗੇ ਕੰਮ ਕਰਨ ਲਈ ਭੇਜਿਆ ਹੈ ਪਰ ਅਸੀਂ ਇਹ ਕਰਨ ਦੀ ਬਜਾਏ ਗਲਤ ਕੰਮ ਕਰਦੇ ਹਾਂ। ਕਈ ਲੋਕ ਇੰਨੇ ਡਿੱਗ ਪੈਂਦੇ ਹਨ ਕਿ ਕੁੜੀਆਂ ਦਾ ਬਲਾਤਕਾਰ ਵੀ ਕਰਦੇ ਹਨ। ਜੋ ਕਿ ਗਲਤ ਹੈ। ਅੱਗੇ ਪਿੱਛੇ ਤਾਂ ਕੁੜੀਆਂ ਨੂੰ ਅੱਖਦੇ ਹਨ ਛੋਟੇ ਕੱਪੜੇ ਨਾ ਪਾਓ ਤੇ ਹੁਣ ਖੁਦ ਬਲਾਤਕਾਰ ਕਰਦੇ ਹਨ। ਛੋਟੇ ਕੱਪੜੇ ਪਾਉਣਾ ਗਲਤ ਨਹੀਂ ਬਲਕਿ ਛੋਟੀ ਸੋਚ ਰੱਖਣਾ ਗਲਤ ਹੈ। ਇਹਨਾਂ ਨੂੰ ਸ਼ਰਮ ਨਹੀਂ ਆਉਂਦੀ। ਖੁਦ ਕੁੜੀ ਤੋਂ ਹੀ ਪੈਦਾ ਹੁੰਦੇ ਹਨ ਤੇ ਫਿਰ ਉਸ ਨਾਲ ਹੀ ਗਲਤ ਕੰਮ ਕਰਦੇ ਹਨ। ਕੁੜੀਆਂ ਵੀ ਤਾਂ ਇਨਸਾਨ ਹਨ ਫਿਰ ਉਹਨਾਂ ਨੂੰ ਕਿਉਂ ਨਹੀਂ ਹੱਕ ਮਿਲਦੇ। ਉਹਨਾਂ ਦੀ ਆਵਾਜ਼ ਕਿਉਂ ਨਹੀਂ ਸੁਣੀ ਜਾਂਦੀ। ਸਾਡੇ ਦੇਸ਼ ਵਿੱਚ ਕੁੜੀਆਂ ਨੂੰ ਮਾਤਾ ਰਾਣੀ ਦਾ ਦਰਜਾ ਦਿੱਤਾ ਜਾਂਦਾ ਹੈ ਫਿਰ ਉਹਨਾਂ ਨਾਲ ਕਿਉਂ ਗਲਤ ਹੁੰਦਾ ਹੈ। ਸਾਡੇ ਦੇਸ਼ ਵਿੱਚ ਕੁੜੀਆਂ ਨੂੰ ਇੱਜਤ, ਮਾਣ, ਸਨਮਾਨ, ਹੱਕ ਮਿਲਦੇ ਹਨ ਇਹ ਸਭ ਕਹਿਣ ਦੀਆਂ ਗੱਲਾਂ ਨੇ ਬਸ। ਉਹਨਾਂ ਨੂੰ ਡਰ ਡਰ ਕੇ ਰਹਿਣਾ ਪੈਂਦਾ ਹੈ ਕੀ ਕਿਤੇ ਉਹਨਾਂ ਨਾਲ ਗਲਤ ਨਾ ਹੋ ਜਾਵੇ। ਉਹ ਰਾਤੀ ਬਾਹਰ ਜਾਣ ਤੋਂ ਡਰਦੀਆਂ ਹਨ। ਕਿਉਂ ? ਕਿਉਂਕਿ ਸਾਡੇ ਦੇਸ਼ ਵਿੱਚ ਕੁੜੀਆਂ ਵਾਸਤੇ ਸੁਰੱਖਿਆ ਦੇ ਕੋਈ ਪ੍ਰਬੰਧ ਨਹੀਂ ਹਨ। ਇਕ ਕੁੜੀ ਨੂੰ ਆਪਣੇ ਬਚਾਅ ਲਈ ਹਥਿਆਰ ਉਠਾਉਣੇ ਚਾਹੀਦੇ ਹਨ। ਜਿਹੜੇ ਲੋਕ ਕੁੜੀਆਂ ਨੂੰ ਇਸਤੇਮਾਲ ਕਰਦੇ ਹਨ ਉਹਨਾਂ ਨੂੰ ਸਾਰੀ ਦੁਨੀਆ ਦੇ ਸਾਹਮਣੇ ਚੌਰਾਹੇ ਵਿੱਚ ਸਜ਼ਾ ਮਿਲਣੀ ਚਾਹੀਦੀ ਹੈ। ਸਜ਼ਾ ਵੀ ਅਜਿਹੀ ਹੋਵੇ ਕਿ ਰੋਂਗਟੇ ਖੜੇ ਹੋ ਜਾਣ ਤਾਂ ਕਿ ਅਗਾਹ ਤੋਂ ਕੋਈ ਵੀ ਦਰਿੰਦਾ ਔਰਤ ਦੀ ਇੱਜ਼ਤ ਨੂੰ ਹੱਥ ਪਾਉਣ ਤੋਂ ਪਹਿਲਾਂ ਸੋਚੇ। ਅੰਤ ਵਿੱਚ ਮੇਰੀ ਆਹੀ ਮੰਗ ਹੈ ਕਿ ਕੁੜੀਆਂ ਨੂੰ ਉਹਨਾਂ ਦੇ ਬਣਦੇ ਹੱਕ ਦਿੱਤੇ ਜਾਣ।

**-ਰਿਧਿਮਾ ਖੀਵਾ ਬਟਾਲਾ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਭਾਜਪਾ ਦੀ ਮੈਂਬਰਸ਼ਿਪ ਅਭਿਆਨ ਨੂੰ ਲੈ ਕੇ ਸ਼ਹਿਰ ਰਾਏਕੋਟ ਵਿੱਚ ਹੋਈ ਵਿਸ਼ੇਸ਼ ਮੀਟਿੰਗ

# ਬੀ ਜੇ ਪੀ ਦੀਆਂ ਜੜ੍ਹਾਂ ਹੋਰ ਵੀ ਹੋਣਗੀਆਂ ਮਜ਼ਬੂਤ : ਜਤਿੰਦਰ ਮਿੱਤਲ ਸੂਬਾ ਮੀਤ ਪ੍ਰਧਾਨ







**ਰਾਏਕੋਟ/ਲੁਧਿਆਣਾ, (ਵਰਿਆਮ ਹਠੂਰ)**-ਭਾਰਤੀ ਜਨਤਾ ਪਾਰਟੀ ਦੀ 1 ਸਤੰਬਰ 2024 ਤੋਂ ਭਾਰਤ ਪੱਧਰ ਤੇ ਸ਼ੁਰੂ ਹੋਣ ਜਾ ਰਹੀ ਮੈਂਬਰਸ਼ਿਪ ਅਭਿਆਨ ਸਬੰਧੀ ਰਾਏਕੋਟ ਦੇ ਸ਼੍ਰੀ ਗੰਗਾ ਗਿਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਮੀਟਿੰਗ ਹੋਈ, ਹੋਈ ਜਿਸ ਵਿੱਚ ਸੂਬਾ ਮੀਤ ਪ੍ਰਧਾਨ ਸ਼੍ਰੀ ਜਤਿੰਦਰ ਮਿੱਤਲ, ਪੰਜਾਬ ਪੱਧਰੀ ਆਗੂ ਸ਼੍ਰੀ ਗੌਰਵ ਖੁੱਲਰ, ਸਮੇਤ ਵੱਖ-ਵੱਖ ਥਾਵਾਂ ਤੋਂ ਜ਼ਿਲ੍ਹਾ ਪੱਧਰੀ ਆਗੂ, ਮੰਡਲ ਪ੍ਰਧਾਨਾਂ, ਅਤੇ ਹੋਰ ਵਰਕਰਾਂ ਨੇ ਆਪਣੀ ਹਾਜ਼ਰੀ ਭਰੀ, ਇਕੱਤਰ ਹੋਏ ਸੀਨੀਅਰ ਆਗੂਆਂ, ਮੰਡਲ ਪ੍ਰਧਾਨਾਂ ਅਤੇ ਵਰਕਰਾਂ ਨੂੰ ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਨੇ ਜੀ ਆਇਆਂ ਆਖਿਆ, ਮੀਟਿੰਗ ਵਿੱਚ ਸੂਬਾ ਮੀਤ ਪ੍ਰਧਾਨ ਸ਼੍ਰੀ ਜਤਿੰਦਰ ਮਿੱਤਲ ਨੇ ਭਾਰਤੀ ਜਨਤਾ ਪਾਰਟੀ ਦੀ ਸਥਾਪਨਾ ਤੋਂ ਲੈ ਕੇ ਕੀਤੀਆਂ ਪ੍ਰਾਪਤੀਆਂ ਬਾਰੇ ਅਤੇ ਭਾਜਪਾ ਦੀਆਂ ਸਕੀਮਾਂ ਬਾਰੇ ਚਾਨਣਾ ਪਾਇਆ, ਸ਼੍ਰੀ ਜਤਿੰਦਰ ਮਿੱਤਲ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀ ਦੇਸ਼ ਭਰ ਵਿੱਚ ਮੈਂਬਰਸ਼ਿਪ ਅਭਿਆਨ 2024 ਸ਼ੁਰੂ ਹੋਣ ਜਾ ਰਹੀ ਹੈ ਜਿਸ ਨਾਲ ਭਾਰਤੀ ਜਨਤਾ ਪਾਰਟੀ ਦੀਆਂ ਜੜ੍ਹਾਂ ਹੋਰ ਵੀ ਮਜ਼ਬੂਤ ਹੋਣਗੀਆਂ, ਤੇ 2027 ਵਿੱਚ ਪੰਜਾਬ ਵਿੱਚ ਵੀ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਾਉਣ ਲਈ ਲਗਾਤਾਰ ਮਿਹਨਤ ਜਾਰੀ ਰਹੇਗੀ। ਸ਼੍ਰੀ ਮਿੱਤਲ ਨੇ ਇਕੱਤਰ ਹੋਏ ਆਗੂਆਂ ਅਤੇ ਮੰਡਲ ਪ੍ਰਧਾਨਾਂ ਨੂੰ ਮੈਂਬਰਸ਼ਿਪ ਭਰਨ ਸਬੰਧੀ ਵਿਸਥਾਰ ਪੂਰਵਕ ਚਾਨਣਾ ਪਾਇਆ, ਤੇ ਆਗੂਆਂ ਨੂੰ ਜੰਗੀ ਪੱਧਰ ਤੇ ਮਿਹਨਤ ਕਰਨ ਲਈ ਅਪੀਲ ਕੀਤੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਨੇ ਕਿਹਾ ਕਿ ਮੈਂਬਰਸ਼ਿਪ ਅਭਿਆਨ ਜੰਗੀ ਪੱਧਰ ਤੇ ਸ਼ੁਰੂ ਕਰਕੇ ਸਖ਼ਤ ਮਿਹਨਤ ਨਾਲ ਨੇਪਰੇ ਚਾੜ੍ਹਨ ਲਈ ਸਮੂਹ ਆਗੂਆਂ ਅਤੇ ਵਰਕਰਾਂ ਦੀਆਂ ਡਿਊਟੀਆਂ ਲਗਾਵਾਂਗੇ ਤਾਂ ਜੋ ਸਮੂਹ ਆਗੂ ਅਤੇ ਵਰਕਰ ਘਰ ਘਰ ਜਾ ਕੇ ਕੇਂਦਰ ਸਰਕਾਰ ਵੱਲੋਂ ਚਲਾਈਆਂ ਸਕੀਮਾਂ ਬਾਰੇ ਵੀ ਚਾਨਣਾ ਪਾਉਣ, ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਭਾਰਤੀ ਜਨਤਾ ਪਾਰਟੀ ਨਾਲ ਜੁੜਨ ਲਈ ਅੱਗੇ ਆਉਣ, ਬੀ ਜੇ ਪੀ ਮੰਡਲ ਹਠੂਰ ਤੋਂ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪੱਧਰ ਤੇ ਮੈਂਬਰਸ਼ਿਪ ਭਰਨ ਲਈ ਸਖ਼ਤ ਮਿਹਨਤ ਕਰਾਂਗੇ, ਤੇ ਲੋਕਾਂ ਨਾਲ ਬੈਠਕਾਂ ਕਰਕੇ ਲੋਕਾਂ ਨੂੰ ਜਾਗਰੂਕ ਕਰਕੇ ਭਾਜਪਾ ਪਰਿਵਾਰ ਨੂੰ ਹੋਰ ਵੀ ਵੱਡਾ ਅਤੇ ਮਜ਼ਬੂਤ ਕਰਨ ਲਈ ਆਪਣਾ ਅਹਿਮ ਰੋਲ ਅਦਾ ਕਰਾਂਗੇ, ਇਸ ਮੌਕੇ ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਸਮੇਤ ਆਗੂਆਂ ਨੇ ਸੂਬਾ ਮੀਤ ਪ੍ਰਧਾਨ ਸ਼੍ਰੀ ਜਤਿੰਦਰ ਮਿੱਤਲ ਨੂੰ ਲੋਈ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ, ਸਟੇਜ ਸੈਕਟਰੀ ਦੀ ਭੂਮਿਕਾ ਡਾ ਰਜਿੰਦਰ ਸ਼ਰਮਾ ਨੇ ਨਿਭਾਈ, ਇਸ ਮੌਕੇ ਰੋਹਿਤ ਅਗਰਵਾਲ, ਗੌਰਵ ਖੁੱਲਰ, ਡਾ ਰਜਿੰਦਰ ਸ਼ਰਮਾ ਜਗਰਾਉਂ, ਸ਼੍ਰੀ ਸਤੀਸ਼ ਕਾਲੜਾ, ਲਖਵਿੰਦਰ ਸਿੰਘ ਸਪਰਾ, ਗੁਰਜੰਟ ਸਿੰਘ ਹਠੂਰ, ਗੁਰਸਿਮਰਨ ਸਿੰਘ ਰਸੂਲਪੁਰ, ਜਗਤਾਰ ਸਿੰਘ ਕੌੜਾ, ਤਨਵੀਰ ਸਿੰਘ ਔਲਖ, ਬਾਲ ਕਿਸ਼ਨ ਗਰਗ, ਮਨਜੀਤ ਸਿੰਘ ਬੰਗਸੀਪੁਰਾ, ਗੁਰਪ੍ਰੀਤ ਸਿੰਘ ਸੋਨੀ, ਸੂਬੇਦਾਰ ਭਜਨ ਸਿੰਘ ਕਾਉਂਕੇ, ਮਨੋਜ ਗੋਇਲ, ਗੁਰਚਰਨ ਸਿੰਘ, ਅਮਨਪ੍ਰੀਤ ਸਿੰਘ, ਵਿਜੇ ਸ਼ਰਮਾ, ਅਕਸ਼ਿਤ ਗਰਗ, ਕੇਵਲ ਸਿੰਘ, ਸਮੇਤ ਅਨੇਕਾਂ ਆਗੂ ਅਤੇ ਵਰਕਰ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

### ਕੰਗਣਾ ਰਣੌਤ ਦੀ ਫਿਲਮ ਐਮਰਜੈਂਸੀ ਦਿੱਲੀ ਦੇ

# ਸਿਨੇਮਾਘਰਾਂ ਵਿਚ ਲਗਦੀ ਹੈ ਤਾਂ ਇਸ ਦਾ ਹੋਵੇਗਾ ਵਿਰੋਧ



**ਨਵੀਂ ਦਿੱਲੀ 25 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** ਸਿੱਖ ਮਿਸ਼ਨ ਫਾਊਂਡੇਸ਼ਨ ਅਤੇ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦਿੱਲੀ ਨਾਲ ਹੀ ਕਈ ਸਿੱਖ ਜਥੇਬੰਦੀਆਂ ਦੇ ਅਹੁਦੇਦਾਰਾਂ ਨੇ ਪੁਰਜ਼ੋਰ ਤੌਰ ਤੇ ਕੰਗਣਾ ਰਣੌਤ ਦੀ ਫਿਲਮ ਐਮਰਜੈਂਸੀ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਸੰਤ ਜਰਨੈਲ ਸਿੰਘ ਭਿੰਡਰਾਂਵਾਲਾ ਜੀ ਦਾ ਅਕਸ ਨੂੰ ਖਰਾਬ ਕਰਨ ਦੀ ਇੱਕ ਸੋਚੀ ਸਮਝੀ ਕੋਝੀ ਸ਼ਾਜਿਸ ਹੈ ਜਿਸਦੇ ਤਹਿਤ ਸਿੱਖਾਂ ਦੇ ਅਕਸ ਅਤੇ ਪੰਜਾਬ ਦੀ ਅਮਨ ਸ਼ਾਂਤੀ ਨੂੰ ਭੰਗ ਕਰਨ ਲਈ ਕੋਸ਼ਿਸ਼ ਕੀਤੀ ਜਾ ਰਹੀ ਹੈ । ਇੰਦਰਜੀਤ ਸਿੰਘ ਵਿਕਾਸਪੁਰੀ ਨੇ ਕਿਹਾ ਕਿ ਸਿੱਖਾਂ ਦਾ ਅਕਸ਼ ਖਰਾਬ ਕਰਨ ਵਿਚ ਕੰਗਣਾ ਰਣੌਤ ਕਿਸੀ ਸੋਝੀ ਸਮਝੀਂ ਸਾਜ਼ਿਸ਼ ਦੇ ਅਧੀਨ ਕੰਮ ਕਰ ਰਹੀ ਹੈ ਯਾਂ ਫਿਰ ਆਪਣੇ ਆਕਾਵਾਂ ਦੇ ਇਸ਼ਾਰੇ ਤੇ ਕੰਮ ਕਰ ਰਹੀ ਹੈ, ਉਹਨਾਂ ਨੇ ਕਿਹਾ ਦੇਸ਼ ਦੇ ਘੱਟ ਗਿਣਤੀ ਦੇ ਚੇਅਰਮੈਨ ਸਰਦਾਰ ਇਕਬਾਲ ਸਿੰਘ ਲਾਲਪੁਰਾ ਇਸ ਦੀ ਗੰਭੀਰਤਾ ਨੂੰ ਦੇਖਦੇ ਹੋਏ ਆਪਣੀ ਸਰਕਾਰ ਅਤੇ ਆਲਾ ਕਮਾਨ ਨਾਲ ਗੱਲ ਕਰਕੇ ਇਸ ਫਿਲਮ ਨੂੰ ਰੋਕਣ ਅਤੇ ਘੱਟ ਗਿਣਤੀ ਦੀ ਆਵਾਜ਼ ਨੂੰ ਚੁੱਕਦਿਆਂ ਫਿਲਮ ਸੈਂਸਰ ਬੋਰਡ ਨੂੰ ਇਸ ਫਿਲਮ ਤੇ ਰੋਕ ਲਗਾਣ ਲਈ ਲਿਖਣ । ਅਵਤਾਰ ਸਿੰਘ ਮਾਖਨ ਨੇ ਵੀ ਕਿਹਾ ਕਿ ਬੀਤੀ ਦਿਨੇ ਕਿਸਾਨ ਮੋਰਚੇ ਦੇ ਦੌਰਾਨ ਇਸ ਕੰਗਣਾ ਰਣੌਤ ਨੇ ਧਰਨੇ ਤੇ ਬੈਠੀਆਂ ਬਜ਼ੁਰਗ ਮਾਵਾਂ ਭੈਣਾਂ ਨੂੰ ਸੋ ਸੋ ਰੁਪਏ ਲੈ ਕੇ ਆਉਣ ਦੀ ਗੱਲ ਕੀਤੀ ਜਿਸ ਦਾ ਜਵਾਬ ਇਸ ਨੂੰ ਚੰਡੀਗੜ੍ਹ ਏਅਰਪੋਰਟ ਤੇ ਮਿਲਿਆ ਸੀ ਇਹ ਉਸ ਦੀ ਰੰਜਿਸ਼ ਕੱਢਣ ਦੇ ਖਾਤਿਰ ਹੀ ਇਸ ਨੇ ਜਾਨ ਬੁੱਝ ਕੇ ਸਿੱਖਾਂ ਅਤੇ ਹੋਰ ਭਾਈਚਾਰੇ ਵਿਚਕਾਰ ਮਾਹੌਲ ਨੂੰ ਵਿਗਾੜਨ ਦੀ ਕੋਸ਼ਿਸ਼ ਕਰਨ ਤੇ ਉਤਾਰੂ ਹੈ। ਅਮਰਜੀਤ ਸਿੰਘ ਬੱਬੀ ਤੇ ਮਨਿੰਦਰ ਸਿੰਘ ਚੰਢੋਕ ਨੇ ਵੀ ਸਿੱਖ ਸੰਗਤਾਂ ਨੂੰ ਅਤੇ ਹਰ ਸਿੰਘ ਸਭਾ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਫਿਲਮ ਦਾ ਪੁਰਜ਼ੋਰ ਬਾਈਕਾਟ ਕਰਨ ਤਾਂ ਕਿ ਇਸ ਨੂੰ ਸਬਕ ਮਿਲ ਸਕੇ। ਅਮਰਜੀਤ ਸਿੰਘ ਲਾਜਪਤ ਨਗਰ, ਜਤਿੰਦਰ ਸਿੰਘ ਜੀਤੂ, ਗੁਰਪ੍ਰੀਤ ਸਿੰਘ ਨੇ ਵੀ ਇਸ ਫਿਲਮ ਦੀ ਪ੍ਰਜੋਰ ਨਿਖੇਧੀ ਕਰਦੇ ਕਿਹਾ ਪੰਜਾਬ ਵਿੱਚ ਅਤੇ ਦਿੱਲੀ ਦੀ ਸਰਕਾਰ ਨੂੰ ਜਿੱਥੇ ਕਿ ਆਮ ਆਦਮੀ ਦੀ ਸਰਕਾਰ ਹੈ ਉਸ ਨੂੰ ਅਪੀਲ ਕਰਦਿਆਂ ਕਿਹਾ ਕਿ ਇਹ ਫਿਲਮ ਸਿਨੇਮਾ ਹਾਲਾਂ ਵਿੱਚ ਲਗਾਨ ਦੀ ਇਜਾਜ਼ਤ ਨਾ ਦਿੱਤੀ ਜਾਵੇ ਕਿਉਂਕਿ ਇਸ ਨਾਲ ਅਮਨ ਸ਼ਾਂਤੀ ਦਾ ਮਾਹੌਲ ਵਿਗੜਨ ਦੀ ਆਸ ਹੈ। ਇਹਨਾਂ ਸਾਰੇ ਅਹੁਦੇਦਾਰਾਂ ਨੇ ਇੱਕ ਆਵਾਜ਼ ਵਿੱਚ ਬੁਲੰਦ ਹੋ ਕੇ ਦਸਿਆ ਜੀ ਜੇਕਰ ਇਹ ਫਿਲਮ ਦਿੱਲੀ ਦੇ ਸਿਨੇਮਾਘਰਾਂ ਵਿਚ ਲਗਦੀ ਹੈ ਤਾਂ ਇਸ ਦਾ ਵਿਰੋਧ ਕੀਤਾ ਜਾਏਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਬਿਜ਼ਨਸ ਸਟੱਡੀਜ਼ ਵਿਭਾਗ ਤਲਵੰਡੀ ਸਾਬੋ ਵੱਲੋਂ ਭਾਰਤੀ ਆਜ਼ਾਦੀ ਘੁਲਾਟੀਆਂ ਨੂੰ ਸਮਰਪਿਤ ਪੋਸਟਰ ਮੇਕਿੰਗ ਪ੍ਰਤੀਯੋਗਤਾ ਦਾ ਆਯੋਜਨ





**ਤਲਵੰਡੀ ਸਾਬੋ, 25 ਅਗਸਤ (ਗੁਰਜੰਟ ਸਿੰਘ ਨਥੇਹਾ)**- ਪੰਜਾਬੀ ਯੂਨੀਵਰਸਿਟੀ ਕੈਂਪਸ, ਤਲਵੰਡੀ ਸਾਬੋ ਦੇ ਬਿਜ਼ਨਸ ਸਟੱਡੀਜ਼ ਵਿਭਾਗ ਵੱਲੋਂ ਆਜ਼ਾਦੀ ਘੁਲਾਟੀਆਂ ਨੂੰ ਯਾਦ ਕਰਨ ਲਈ "ਪੋਸਟਰ ਮੇਕਿੰਗ ਪ੍ਰਤੀਯੋਗਤਾ" ਦਾ ਆਯੋਜਨ ਕੀਤਾ ਗਿਆ। ਮੁਕਾਬਲੇ ਦਾ ਵਿਸ਼ਾ ਆਜ਼ਾਦੀ ਸੰਗਰਾਮ, ਆਜ਼ਾਦੀ ਦੀ ਲਹਿਰ, ਭਾਰਤੀ ਸਭਿਆਚਾਰ ਅਤੇ ਸਭਿਅਤਾ ਸੀ। ਵਿਦਿਆਰਥੀਆਂ ਨੇ ਉਤਸ਼ਾਹ ਨਾਲ ਮੁਕਾਬਲੇ ਵਿੱਚ ਭਾਗ ਲਿਆ ਅਤੇ ਆਪਣੀ ਰਚਨਾਤਮਿਕਤਾ ਨੂੰ ਪੋਸਟਰ 'ਤੇ ਉਤਾਰਿਆ। ਇਹ ਮੁਕਾਬਲੇ ਈ-ਬੱਜ ਅਤੇ ਪ੍ਰਗਤੀ ਕਲੱਬਾਂ ਵੱਲੋਂ ਕ੍ਰਮਵਾਰ ਡਾ. ਸ਼ਸ਼ੀ ਅਗਰਵਾਲ ਅਤੇ ਡਾ. ਗੁਰਵਿੰਦਰ ਸਿੰਘ ਦੀ ਅਗਵਾਈ ਹੇਠ ਕਰਵਾਏ ਗਏ। ਵਿਭਾਗ ਦੇ ਮੁਖੀ ਪ੍ਰੋ. ਆਨੰਦ ਬਾਂਸਲ ਨੇ ਸੁਤੰਤਰਤਾ ਸੰਗਰਾਮ ਬਾਰੇ ਗੱਲ ਕਰਦਿਆਂ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਬਣ ਕੇ ਦੇਸ਼ ਲਈ ਕੰਮ ਕਰਨ ਲਈ ਪ੍ਰੇਰਿਤ ਕੀਤਾ। ਮੁਕਾਬਲੇ ਵਿੱਚ ਲਗਪਗ ਪੰਜਾਹ ਵਿਦਿਆਰਥੀਆਂ ਨੇ ਭਾਗ ਲਿਆ। ਮੁਕਾਬਲੇ ਦੌਰਾਨ ਡਾ. ਨਰਿੰਦਰ ਕੌਰ, ਡਾ. ਦਿਆਲ ਭਟਨਾਗਰ ਅਤੇ ਡਾ. ਵਿਕਾਸ ਦੀਪ ਨੇ ਜੱਜਾਂ ਦੀ ਭੂਮਿਕਾ ਨਿਭਾਈ ਅਤੇ ਵਧੀਆ ਚਿੱਤਰਕਾਰਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਡਾ. ਸ਼ਸ਼ੀ ਅਤੇ ਡਾ. ਗੁਰਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ ਅਤੇ ਉਨ੍ਹਾਂ ਦੇ ਉਤਸ਼ਾਹ ਦੀ ਸ਼ਲਾਘਾ ਕੀਤੀ। ਉਨ੍ਹਾਂ ਇਸ ਸਮਾਗਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਵਿਭਾਗ ਦੇ ਮੁਖੀ ਪ੍ਰੋ. ਆਨੰਦ ਬਾਂਸਲ ਅਤੇ ਹੋਰ ਸਟਾਫ਼ ਮੈਂਬਰਾਂ ਦਾ ਧੰਨਵਾਦ ਵੀ ਕੀਤਾ। ਬੀ.ਕਾਮ ਪਹਿਲੇ ਸਾਲ ਦੀ ਜਮੀਲਾ ਬੀਬੀ ਅਤੇ ਰੁਪਿੰਦਰ ਕੌਰ ਨੇ ਕ੍ਰਮਵਾਰ ਪਹਿਲਾ ਅਤੇ ਦੂਜਾ ਇਨਾਮ ਪ੍ਰਾਪਤ ਕੀਤਾ, ਤੀਜਾ ਇਨਾਮ ਮਨੀਸ਼ ਕੁਮਾਰ ਅਤੇ ਕਰਮਵੀਰ ਸਿੰਘ ਨੇ ਜਿੱਤਿਆ। ਹਰਮਨ, ਜਸ਼ਨਦੀਪ ਕੌਰ, ਅਮਨਦੀਪ ਕੌਰ ਅਤੇ ਹਰਮਨਦੀਪ ਕੌਰ ਨੂੰ ਸ਼ਾਨਦਾਰ ਪੋਸਟਰ ਬਣਾਉਣ ਲਈ ਪ੍ਰੇਰਿਤ ਕਰਨ ਲਈ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤ ਵੀ ਗਾਏ ਅਤੇ ਵਿਦਿਆਰਥੀਆਂ ਨੂੰ ਮਠਿਆਈਆਂ ਵੀ ਵੰਡੀਆਂ ਗਈਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਬਾਬੇ ਕੇ ਫਾਰਮ ਬਰਮਿੰਘਮ ਯੂਕੇ ਵਿਖੇ ਬ੍ਰਹਮ ਗਿਆਨੀ ਬਾਬਾ ਨੰਦ ਸਿੰਘ ਜੀ ਨਾਨਕਸਰ ਕਲੇਰਾ ਵਾਲਿਆਂ ਦੀ ਬਰਸਤੀ ਸਮਾਗਮ ਜੋ ਕਿ 17 ਅਗਸਤ ਤੋਂ 25 ਅਗਸਤ ਤੱਕ ਚੱਲ ਰਹੇ ਹਨ ਅੱਜ 8ਵੇਂ ਦਿਨ ਸਮਾਗਮਾਂ ਵਿਚ ਸੰਤ ਬਾਬਾ ਬਲਵੀਰ ਸਿੰਘ ਜੀ ਸੀਚੇਵਾਲ ਨੇ ਹਾਜ਼ਰੀ ਭਰੀ





**ਫ਼ਿਰੋਜ਼ਪੁਰ 25 ਅਗਸਤ (ਮਨੋਹਰ ਲਾਲ)**-ਬਾਬੇ ਕੇ ਫਾਰਮ ਬਰਮਿਘਮ ਯੂਕੇ ਵਿਖੇ ਬ੍ਰਹਮ ਗਿਆਨੀ ਬਾਬਾ ਨੰਦ ਸਿੰਘ ਜੀ ਨਾਨਕਸਰ ਕਲੇਰਾ ਵਾਲਿਆਂ ਦੀ ਬਰਸੀ ਸਮਾਗਮ ਜੋ ਕਿ 17 ਅਗਸਤ ਤੋਂ 25 ਅਗਸਤ ਤੱਕ ਚੱਲ ਰਹੇ ਹਨ, ਅੱਜ 8ਵੇਂ ਦਿਨ ਸਮਾਗਮਾਂ ਵਿਚ ਸੰਤ ਬਾਬਾ ਬਲਵੀਰ ਸਿੰਘ ਜੀ ਸੀਚੇਵਾਲ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਬਾਬਾ ਬਲਵੀਰ ਸਿੰਘ ਜੀ ਸੀਚੇਵਾਲ ਨੇ ਪ੍ਰਚਵਨਾ ਦੀ ਵਰਖਾ ਕਰਦੇ ਹੋਏ ਆਖਿਆ ਕਿ ਸਾਨੂੰ ਵੱਧ ਤੋਂ ਵੱਧ ਗੁਰਬਾਣੀ ਦਾ ਪਾਠ ਕਰਨਾ ਚਾਹੀਦਾ ਹੈ। ਬਾਣੀ ਪੜ੍ਹਨ ਨਾਲ, ਬਾਣੀ ਸੁਨਣ ਨਾਲ, ਤੁਹਾਡੇ ਸਾਰੇ ਦੁੱਖ ਦੂਰ ਹੁੰਦੇ ਹਨ, ਪਰ ਭਰੋਸੇ ਦੀ ਜ਼ਰੂਰਤ ਹੈ। ਸਾਨੂੰ ਪੱਕੇ ਗੁਰੂ ਦੇ ਲੜ ਲੱਗਣਾ ਚਾਹੀਦਾ ਹੈ ਜੋ ਕਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਾਨੂੰ ਮੜੀਆਂ, ਮਸਾਨਿਆਂ ਤੇ ਮੱਥਾ ਟੇਕਣ ਦੀ ਬਜਾਏ ਕੇਵਲ ਤੇ ਕੇਵਲ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਣਾ ਚਾਹੀਦਾ ਹੈ। ਸੰਤ ਬਾਬਾ ਬਲਵੀਰ ਸਿੰਘ ਜੀ ਸੀਚੇਵਾਲ ਨੇ ਕਿਹਾ ਕਿ ਜਦੋਂ ਸਾਰੇ ਦੁਆਰ ਬੰਦ ਹੋ ਜਾਣ ਤਾਂ ਸਿਰਫ ਇਕੋ ਇਕ ਗੁਰੂ ਸਾਹਿਬ ਹੈ, ਜਿਹੜਾ ਪ੍ਰਾਣੀ ਗੁਰੂ ਸਾਹਿਬ ਦਾ ਆਸਰਾ ਲੈ ਲੈਂਦਾ ਹੈ। ਉਸ ਦੇ ਸਾਰੇ ਰਸਤੇ ਖੁੱਲ ਜਾਂਦੇ ਹਨ। ਬਾਬਾ ਜੀ ਨੇ ਅੱਗੇ ਕਿਹਾ ਕਿ ਭਾਵੇਂ ਅਸੀਂ ਅੱਜ ਅਸੀਂ ਇੰਗਲੈਂਡ ਦੀ ਧਰਤੀ ਤੇ ਬੈਠੇ ਹਾਂ ਪਰ ਫਿਰ ਅਸੀਂ ਬ੍ਰਹਮ ਗਿਆਨੀ ਬਾਬਾ ਨੰਦ ਸਿੰਘ ਜੀ ਦੀ 81ਵੀਂ ਬਰਸੀ ਮਨਾਂ ਰਹੇ ਹਾਂ, ਇਹ ਬਹੁਤ ਹੀ ਸ਼ਲਾਘਾਯੋਗ ਹੈ ਜੋ ਕਿ ਸੰਤ ਬਾਬਾ ਨਾਹਰ ਸਿੰਘ ਜੀ ਨੇ ਇੰਗਲੈਂਡ ਦੀ ਧਰਤੀ ਤੋਂ ਸ਼ੁਰੂ ਕੀਤਾ ਜਿਥੇ ਹਰ ਸਾਲ ਬਾਬੇ ਕੇ ਫਾਰਮ ਬਰਮਿਘਮ ਵਿਖੇ ਮਨਾਇਆ ਜਾਂਦਾ ਹੈ, ਜੋ ਕਿ ਹੁਣ ਅਸੀਂ 81ਵੀਂ ਬਰਸੀ ਮਨਾ ਰਹੇ ਹਾਂ। ਇਸ ਮੌਕੇ ਤੇ ਸੰਤ ਬਾਬਾ ਬਲਵੀਰ ਸਿੰਘ ਜੀ, ਸੰਤ ਬਾਬਾ ਜਗਜੀਤ ਸਿੰਘ ਲੋਪੋ, ਦਵਿੰਦਰ ਸਿੰਘ ਸੋਢੀ, ਡਾ. ਗੁਰਨਾਮ ਸਿੰਘ ਪਟਿਆਲਾ, ਸੰਤ ਬਾਬਾ ਭੁਪਿੰਦਰ ਸਿੰਘ ਰਾੜਾ ਸਾਹਿਬ, ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸਤ ਮਹਾਂ ਪੁਰਸ਼ ਪਹੁੰਚੇ। ਇਸ ਮੌਕੇ ਤੇ ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਐਡਵੋਕੇਟ, ਹਰਜਿੰਦਰ ਸਿੰਘ ਸੈਮੀ ਸਟੇਜ ਸਕੱਤਰ, ਸਵਰਨ ਸਿੰਘ ਸੇਮੀ, ਬਲਕਾਰ ਸਿੰਘ ਵੜੈਚ, ਨਗਿੰਦਰ ਸਿੰਘ ਧੰਜਲ, ਬਲਦੇਵ ਸਿੰਘ, ਹਰਜਿੰਦਰ ਸਿੰਘ, ਜੁਝਾਰ ਸਿੰਘ, ਹਰਪਾਲ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਅਮਰੀਕ ਸਿੰਘ, ਮਿੰਨਾ, ਨਗਿੰਦਰ ਸਿੰਘ ਜੰਡ, ਧਰਮ ਸਿੰਘ ਜੋ ਕਿ ਰਾਤ ਦਿਨ ਸੇਵਾ ਕਰ ਰਹੇ ਹਨ। ਇਸ ਤੋਂ ਇਲਾਵਾ ਲੰਗਰਾਂ ਵਿਚ ਬੀਬੀਆਂ ਵੀ ਰਾਤ ਦਿਨ ਸੇਵਾ ਕਰ ਰਹੀਆਂ ਹਨ, ਜਿਨ੍ਹਾਂ ਵਿਚ ਬੀਬੀ ਨਿੰਦਰ ਕੌਰ, ਬੀਬੀ ਜਸਬੀਰ ਕੌਰ, ਬੀਬੀ ਨਿਰੰਜਨ ਕੌਰ, ਬੀਬੀ ਨਗਿੰਦਰ ਕੌਰ ਜੋ ਕਿ ਵਧੀਆ ਪਕਵਾਨ ਬਣਾ ਕੇ ਲੰਗਰ ਦੀ ਸੇਵਾ ਕਰ ਰਹੀਆਂ ਹਨ, ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ, ਐਡਵੋਕੇਟ ਨੇ ਦੱਸਿਆ ਕਿ ਇਸ ਸਮਾਗਮ ਵਿਚ ਭਾਰੀ ਗਿਣਤੀ ਵਿਚ ਸੰਗਤਾਂ ਬਾਬੇ ਕੇ ਫਾਰਮ ਵਿਚ ਪਹੁੰਚ ਰਹੀਆਂ ਹਨ। ਇਸ ਮੌਕੇ ਤੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਸੰਤ ਬਾਬਾ ਜਵਾਲਾ ਸਿੰਘ ਹਰਖੋਵਾਲ ਅਤੇ ਸੰਤ ਬਾਬਾ ਗੁਰਬਚਨ ਸਿੰਘ ਡੰਡੇ ਵਾਲਿਆਂ ਦੀ

# ਮਹਾਨ ਬਰਸੀ ਮਨਾਈ ਗਈ

## ਜਥੇਦਾਰ ਸੰਤ ਬਾਬਾ ਬੋਹੜ ਸਿੰਘ ਜੀ ਨੇ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ ਗੁਰਮੱਤ ਵਿਚਾਰਾਂ ਨਾਲ ਸਾਂਝ ਪਾਈ










**ਚੌਕ ਮਹਿਤਾ, 25 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਸੰਪਰਦਾਇ ਹਰਖੋਵਾਲ ਖੁਜਾਲਾ ਦੇ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਜੀ ਖੁਜਾਲਾ ਵਾਲਿਆਂ ਦੀ ਯੋਗ ਅਗਵਾਈ ਹੇਠ ਸੰਪਰਦਾਇ ਹਰਖੋਵਾਲ ਦੇ ਮੁੱਖੀ ਮਹਾਨ ਤਪੱਸਵੀ ਬਰਮ ਗਿਆਨੀ ਸੰਤ ਬਾਬਾ ਜਵਾਲਾ ਸਿੰਘ ਜੀ ਅਤੇ ਉਨ੍ਹਾਂ ਦੇ ਸੇਵਕ ਬਰਮ ਗਿਆਨੀ ਸੰਤ ਬਾਬਾ ਗੁਰਬਚਨ ਸਿੰਘ ਜੀ ਡੰਡੇ ਵਾਲਿਆਂ 43 ਵੀ ਬਰਸੀਂ ਮਨਾਈ ਗਈ।23 ਅਗਸਤ 2024 ਦਿਨ ਸ਼ੁੱਕਰਵਾਰ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਗਏ। ਅੱਜ 25ਅਗਸਤ 2024 ਦਿਨ ਐਤਵਾਰ ਨੂੰ ਸਵੇਰੇ 10 ਵਜੇ ਦੋ ਸ੍ਰੀ ਆਖੰਡ ਪਾਠ ਸਾਹਿਬ ਜੀ ਅਤੇ ਇੱਕ ਸਹਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ।ਉਪਰੰਤ ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਦੂਖ ਨਿਰਵਾਨ ਮਾਲਾਪੁਰਮ ਖਾਸ ਫਿਰੋਜ਼ਪੁਰ ਦੇ ਜਥੇਦਾਰ ਸੰਤ ਬਾਬਾ ਬੋਹੜ ਸਿੰਘ ਜੀ ਨੇ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ ਗੁਰਮੱਤ ਵਿਚਾਰਾਂ ਨਾਲ ਸਾਂਝ ਪਾਈ।ਉਪਰੰਤ ਭਾਈ ਅਜੀਤ ਸਿੰਘ ਅਜੈਬਵਾਲੀ ਨੇ ਕਥਾ ਸੰਗਤਾਂ ਨੂੰ ਸਰਵਨ ਕਰਵਾਏ ਉਪਰੰਤ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਨੇ ਸੰਤਾ ਦੀ ਜੀਵਨੀ ਬਾਰੇ ਦੱਸਿਆ ਕਿ ਸੰਤ ਬਾਬਾ ਗੁਰਬਚਨ ਸਿੰਘ ਡੰਡੇ ਵਾਲਿਆਂ ਨੇ ਆਪਣੀ ਸਾਰੀ ਉਮਰ ਸਿੱਖੀ ਦੇ ਪ੍ਰਚਾਰ ਪਾਸਾਰ ਵਿੱਚ ਲਾ ਦਿੱਤੀ।ਬਹੁਤ ਸਾਰੇ ਲੋਕਾਂ ਤੇ ਪਰਉਪਕਾਰ ਕਰਦੇ ਹੋਏ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਬਿਰਾਜ ਗਏ। ਇਸ ਮੌਕੇ ਤੇ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਚਰਨ ਛੋਹ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਦੇ ਮੌਜੂਦਾ ਮੁੱਖੀ ਸੰਤ ਬਾਬਾ ਸੱਜਣ ਸਿੰਘ ਜੀ ਗੁਰਦੁਆਰਾ ਸ਼ਹੀਦ ਬਾਬਾ ਬੀਰ ਸਿੰਘ ਜੀ ਟਾਹਲੀ ਸਾਹਿਬ ਦੇ ਮੁੱਖੀ ਸੰਤ ਬਾਬਾ ਲਖਬੀਰ ਸਿੰਘ ਭੰਗਾਲੀ ਸਾਹਿਬ ਵਾਲੇ, ਤੇਰੀ ਓਟ ਆਸੀਆਨਾ ਗਦਲੀ ਦੇ ਮੁੱਖੀ ਅਤੇ ਸਿੱਖ ਪੰਥ ਦੇ ਮਹਾਨ ਕਥਾਵਾਚਕ ਗਿਆਨੀ ਭੁਪਿੰਦਰ ਸਿੰਘ ਜੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ, ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਦੂਖ ਨਿਰਵਾਨ ਮੱਲਾਪੁਰ ਖਾਸ ਫਿਰੋਜ਼ਪੁਰ ਦੇ ਜਥੇਦਾਰ ਸੰਤ ਬਾਬਾ ਬੋਹੜ ਸਿੰਘ ਜੀ, ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ, ਬਾਬਾ ਦੀਪ ਸਿੰਘ ਜੀ ਖੁਜਾਲਾ, ਮਨਿੰਦਰਜੀਤ ਸਿੰਘ ਰੰਧਾਵਾ ਮਹਿਤਾ ਥਾਣੇਦਾਰ ਨਿਰਮਲ ਸਿੰਘ, ਨੰਗਲ ਪੰਨਵਾ,ਡਾ, ਹਰਕ੍ਰਿਸਨ ਸਿੰਘ ਖੁਜਾਲਾ, ਭਾਈ ਰਣਜੀਤ ਸਿੰਘ ਰਾਣਾ ਬਟਾਲਾ, ਦਿਲਬਾਗ ਸਿੰਘ ਤਲਵੰਡੀ, ਭਾਈ ਜਰਨੈਲ ਸਿੰਘ, ਪ੍ਰਗਟ ਸਿੰਘ ਬੋਪਾਰਾਏ, ਸੁਖਮਿੰਦਰ ਸਿੰਘ ਜੈਤੀਪੁਰ,ਪਰੀਤਕਵਰ ਸਿੰਘ ਆਈ ਏ ਐਲ ਆਦਿ ਦੇਸਾ ਵਿਦੇਸਾਂ,ਅਤੇ ਸੰਤਾ ਮਹਾਪੁਰਸ਼ਾਂ, ਨਿਹੰਗ ਸਿੰਘਾ, ਸਮਾਜ ਸੇਵੀ, ਇਲਾਕੇ ਦੀਆਂ ਵੱਡੀ ਗਿਣਤੀ ਵਿੱਚ ਹਾਜਰੀ ਭਰੀਆਂ। ਗੁਰੂ ਜੀ ਦੇ ਲੰਗਰ ਆਟੁਟ ਵਰਤੇ। ਆਏ ਹੋਏ ਸੰਤਾ ਮਹਾਪੁਰਸ਼ਾਂ ਨੂੰ ਸੰਤ ਬਾਬਾ ਗੁਰਦੀਪ ਸਿੰਘ ਜੀ ਨੇ ਸਿਰਪਾਉ ਦੇਕੇ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸੀ.ਪੀ.ਆਈ ਬਲਾਕ ਮਜੀਠਾ ਦੀ ਇਲਾਕਾ ਕਮੇਟੀ ਦੀ ਮੀਟਿੰਗ

# ਕਾਮਰੇਡ ਪ੍ਰਕਾਸ ਸਿੰਘ ਕੈਰੋਨੰਗਲ ਦੀ ਪ੍ਰਧਾਨਗੀ ਹੇਠ ਕੀਤੀ



**ਚੌਂਕ ਮਹਿਤਾ, 25 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਸੀ.ਪੀ.ਆਈ ਬਲਾਕ ਮਜੀਠਾ ਦੀ ਇਲਾਕਾ ਕਮੇਟੀ ਦੀ ਮੀਟਿੰਗ ਕਾਮਰੇਡ ਪ੍ਰਕਾਸ ਸਿੰਘ ਕੈਰੋਨੰਗਲ ਦੀ ਪ੍ਰਧਾਨਗੀ ਅਧੀਨ ਕੀਤੀ ਗਈ।ਸੱਭ ਤੋਂ ਪਹਿਲਾਂ ਬੀਤੇ ਸਮੇਂ ਚ ਵਿੱਛੜ ਚੁੱਕੇ ਸਾਥੀਆਂ ਨੂੰ ਦੋ ਮਿੰਟ ਦਾ ਮੋਨ ਧਾਰਕੇ ਸਰਧਾਂਜਲੀ ਭੇਂਟ ਕੀਤੀ ਗਈ। ਇਸ ਤੋਂ ਬਾਅਦ ਬਲਾਕ ਸੈਕਟਰੀ ਬਲਕਾਰ ਦੁਧਾਲਾ ਨੇ ਪਿਛਲੇ ਸਮੇਂ ਅਧੀਨ ਪਾਰਟੀ ਵਲੋਂ ਕੀਤੀਆਂ ਸਰਗਰਮੀਆਂ ਦੀ ਰਿਪੋਰਟ ਵਿਸਥਾਰ ਤਹਿਤ ਪੇਸ਼ ਕੀਤੀ ਗਈ।ਜਿਸਤੇ ਕਾਮਰੇਡ ਬਲਵਿੰਦਰ ਸਿੰਘ ਦੁਧਾਲਾ,ਜੋਗਿੰਦਰ ਸਿੰਘ ਗੋਪਾਲਪੁਰਾ, ਗੁਰਜੀਤ ਸਿੰਘ ਜੇਠੂਵਾਲ ਸੁਖਵਿੰਦਰ ਸਿੰਘ ਮੈਣੀਆਂ ਕੁਹਾਰਾਂ ਤੇ ਮੁਖਤਾਰ ਸਿੰਘ ਮੱਝਵਿੰਡ ਨੇ ਆਪਣੇ ਵਿਚਾਰ ਪ੍ਰਗਟ ਕੀਤੇ। ਸਾਥੀਆਂ ਨੇ ਵਿਚਾਰ ਪੇਸ਼ ਕਰਦਿਆਂ ਹਲਕਾ ਮਜੀਠਾ ਦੀ ਅਮਨ ਕਨੂੰਨ ਦੀ ਵਿਗੜ ਰਹੀ ਸਥਿਤੀ ਤੇ ਅਫਸੋਸ ਜਾਹਰ ਕੀਤਾ। ਬਹੁਤੇ ਸਾਥੀਆਂ ਨੇ ਇਹਨਾਂ ਹਾਲਤਾਂ ਦੇ ਜਿੰਮੇਵਾਰ ਪੁਲੀਸ ਨੂੰ ਜਿੰਮੇਵਾਰ ਠਹਿਰਾਇਆ ਤੇ ਕਿਹਾ ਕਿ ਪੁਲੀਸ ਦੀ ਮਿਲੀਭੁਗਤ ਤੋਂ ਬਗੈਰ ਨਸ਼ਾ ਨਹੀਂ ਵਿਕ ਸਕਦਾ, ਇਸੇ ਤਰ੍ਹਾਂ ਜਦੋਂ ਚੋਰਾਂ ਨੂੰ ਫੜਕੇ ਛਡਿਆ ਜਾਂਦਾ ਹੈ ਜਾਂ ਉਹਨਾਂ ਦੇ ਹਮਾਇਤ ਕਰਨ ਵਾਲਿਆਂ ਤੇ ਕੋਈ ਕਾਰਵਾਈ ਨਹੀਂ ਕੀਤੀ ਜਾਂਦੀ ਤਾਂ ਇਸ ਤੋਂ ਪਤਾ ਲਗਦਾ ਹੈ ਕਿ ਇਹ ਸੱਭ ਕੁਝ ਪੁਲੀਸ ਦੀ ਮਿਲੀ ਭੁਗਤ ਨਾਲ ਹੀ ਹੋ ਸਕਦਾ ਹੈ ਜਿਸ ਤੋਂ ਬਾਅਦ ਮੀਟਿੰਗ ਵਿੱਚ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ 8/9/2024 ਦਿਨ ਐਤਵਾਰ ਨੂੰ ਠੀਕ ਦੱਸ ਵਜੇ ਥਾਣਾ ਕੱਥੂਨੰਗਲ ਵਿਖੇ ਧਰਨਾ ਮੁਜ਼ਾਹਰਾ ਕੀਤਾ ਜਾਵੇਗਾ ਅਤੇ ਡੀ.ਐਸ.ਪੀ.ਨੂੰ ਲੋਕ ਮੁਸਕਿਲਾਂ ਸਬੰਧੀ ਮੰਗ ਪੱਤਰ ਦਿੱਤਾ ਜਾਵੇਗਾ। ਅਜਿਹਾ ਕਰਦਿਆਂ ਜੇ ਪੁਲੀਸ ਕੋਈ ਸਾਡੀਆਂ ਮੰਗਾਂ ਦਾ ਕੋਈ ਸਾਰਥਿਕ ਜਵਾਬ ਨਹੀਂ ਦਿੰਦੀ ਤਾਂ ਜੀਟੀ ਰੋਡ ਬਟਾਲਾ ਵੀ ਬੰਦ ਕੀਤੀ ਜਾ ਸਕਦੀ ਹੈ ਜਿਸਦੀ ਜਿੰਮੇਵਾਰ ਪੁਲੀਸ ਪ੍ਰਸਾਸਣ ਜਾਂ ਸਰਕਾਰ ਹੋਵੇਗੀ ।ਇਸ ਮੀਟਿੰਗ ਵਿੱਚ ਸੁਖਵਿੰਦਰ ਸਿੰਘ,ਜੋਗਿੰਦਰ ਸਿੰਘ ਚਵਿੰਡਾ ਦੇਵੀ ਹੀਰਾ ਸਿੰਘ ਸੱਤਪਾਲ ਸਿੰਘ ਜੁਗਰਾਜ ਸਿੰਘ ਲੈਹਰਕਾ,ਕੁਲਵਿੰਦਰ ਕੌਰ ਖੁਸੀਪੁਰ ਪੂਰਨ ਸਿੰਘ ਸਵਿੰਦਰ ਸਿੰਘ ਕੋਟਲਾ,ਲੱਖਾ ਸਿੰਘ ਪਿੰਦਰ ਸਿੰਘ ਮੁੱਗੋਸੋਹੀ ਗੁਰਦੀਪ ਸਿੰਘ ਹਦਾਇਤ ਪੁਰ ਗੁਰਨਾਮ ਸਿੰਘ ਕੋਟ ਹਿਰਦੇਰਾਮ ਅਮਰੀਕ ਸਿੰਘ ਜੇਠੂਵਾਲ ਤੇ ਸੀਤਲ ਰਾਮਦਿਵਾਲੀ ਤੇ ਮੇਜਰ ਸਿੰਘ ਸੇਵਾ ਸਿੰਘ ਨੇ ਵੀ ਮੀਟਿੰਗ ਵਿੱਚ ਸਮੂਲੀਅਤ ਕੀਤੀ ।ਦਵਿੰਦਰ ਸਿੰਘ ਬੱਠੂਚੱਕ ਨੇ ਸਾਰੇ ਸਾਥੀਆਂ ਦਾ ਧੰਨਵਾਦ ਕਰਦਿਆਂ 8 ਸਤੰਬਰ ਦੇ ਪੁਲੀਸ ਵਿਰੁੱਧ ਮੁਜਾਹਰੇ ਨੂੰ ਸਫਲ ਬਨਾਉਣ ਵਾਸਤੇ ਕਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

**ਹਲਕਾ ਮਜੀਠਾ ਦੀ ਅਮਨ ਕਨੂੰਨ ਦੀ ਵਿਗੜ ਰਹੀ ਸਥਿਤੀ ਤੇ ਅਫਸੋਸ ਜਾਹਰ ਕੀਤਾ**

### ਸਰਦਾਰ ਹਰਪਾਲ ਸਿੰਘ ਭੁੱਲਰ ਨੇ

# ਜਗਜੀਤ ਸਿੰਘ ਦੇ ਪਰਿਵਾਰ ਨਾਲ ਕੀਤਾ ਦੁੱਖ ਦਾ ਪ੍ਰਗਟਾਵਾ

**ਫ਼ਿਰੋਜ਼ਪੁਰ, 25 ਅਗਸਤ (ਮਨੋਹਰ ਲਾਲ)**-ਸਰਦਾਰ ਹਰਪਾਲ ਸਿੰਘ ਭੁੱਲਰ ਬਹੁਤ ਹੀ ਨੇਕ ਦਿਲ ਅਤੇ ਨਿਮਰਤਾ ਵਾਲੇ ਇਨਸਾਨ ਸਨ। ਇਸ ਗੱਲ ਦਾ ਪ੍ਰਗਟਾਵਾ ਬਲਜਿੰਦਰ ਸਿੰਘ ਰੱਬੂ ਅਤੇ ਬਲਦੇਵ ਕ੍ਰਿਸ਼ਨ ਹਾਂਡਾ ਨੇ ਕਰਦਿਆਂ ਆਖਿਆ ਕਿ ਭੁੱਲਰ ਹਰ ਕਿਸੇ ਦੀ ਮੱਦਦ ਕਰਨ ਲਈ ਹਮੇਸ਼ਾ ਤਿਆਰ ਰਹਿੰਦੇ ਸਨ। ਗਰੀਬ

ਆਵਾਜ਼ਿ ਕੌਮ AWAZE QAUM International Newspaper & WEB TV



ਲੜਕੀਆਂ ਦੇ ਵਿਆਹ ਕਰਵਾਉਣੇ ਉਨ੍ਹਾਂ ਨੂੰ ਲੋੜੀਂਦਾ ਸਮਾਨ ਦੇਣਾ ਬਹੁਤ ਹੀ ਉੱਤਮ ਕੰਮ ਸੀ।ਭੁੱਲਰ ਨੇ ਇੰਗਲੈਂਡ ਦੀਆਂ ਸਖਸ਼ੀਅਤਾਂ ਦੇ ਸਹਿਯੋਗ ਨਾਲ ਮੁਫਤ ਅੱਖਾਂ ਦੇ ਕੈਂਪ ਵੀ ਲਗਵਾਏ। ਇਕੱਲਾ ਚੈੱਕਅੱਪ ਨਹੀਂ ਕਰਵਾਇਆ ਸਗੋਂ ਅਪ੍ਰੇਸ਼ਨ ਵੀ ਸਿਵਲ ਹਸਪਤਾਲ ਵਿਚ ਕਰਵਾਏ ਜੋ ਕਿ ਡਾਕਟਰਾਂ ਦੀ ਟੀਮ ਪਟਿਆਲਾਂ ਤੋਂ ਆਉਂਦੀ ਸੀ।ਭੁੱਲਰ ਬਹੁਤ ਹੀ ਵਧੀਆ ਜੀਵਨ ਜੀ ਕੇ ਗਏ ਹਨ। ਇਸ ਦੁੱਖ ਦੀ ਘੜੀ ਵਿਚ ਅਸੀਂ ਜਗਜੀਤ ਸਿੰਘ ਭੁੱਲਰ ਅਤੇ ਪਰਿਵਾਰ ਨਾਲ ਹਾਂ।ਇਸ ਮੌਕੇ ਗੁਰਮੀਤ ਸਿੰਘ, ਹਰਦੀਪ ਸਿੰਘ ਸਰਪੰਚ, ਦਰਸ਼ਨ ਲਾਲ ਹੀਰਾ, ਪਰਮਜੀਤ ਸਿੰਘ, ਰਣਬੀਰ ਸਿੰਘ ਆਦਿ ਹਾਜ਼ਰ ਸਨ।

# ਇਨਸਾਨ ਕੰਮਾਂ ਅਤੇ ਆਦਤਾਂ ਤੋਂ ਪਹਿਚਾਣਿਆ ਜਾਂਦਾ ਹੈ: ਪੀਸੀ ਕੁਮਾਰ

**ਫ਼ਿਰੋਜ਼ਪੁਰ, 25 ਅਗਸਤ (ਮਨੋਹਰ ਲਾਲ)**-ਅੱਜ ਸਾਡੇ ਸਕੂਲ ਵਿਚ ਪਹਿਲਾਂ ਦੀ ਤਰ੍ਹਾਂ ਪੀਸੀ ਕੁਮਾਰ ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਵਿਭਾਗ ਸੀਨੀਅਰ ਸਿਟੀਜ਼ਨ ਜ਼ਿਲ੍ਹਾ ਫਿਰੋਜ਼ਪੁਰ ਸਮਾਜ ਸੇਵੀ ਸੰਸਥਾਵਾਂ ਦੇ ਮੁੱਖ ਤੇ ਸਦਾਵਰਤ ਪੰਚਾਇਤਾਂ ਦੇ ਕਾਰਜਕਰਤਾ ਅਤੇ ਸਮਾਜ ਸੁਧਾਰਕ ਸਕੂਲ ਵਿਚ ਪਹੁੰਚੇ, ਜਿਨ੍ਹਾਂ ਨੇ ਟੀਚਰਾਂ, ਮਾਪਿਆਂ ਅਤੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਇਸ ਗੱਲ ਤੇ ਜੋਰ ਦਿੱਤਾ ਜੇ ਅਸੀਂ ਦੇਸ਼ ਨੂੰ ਸ਼ਹੀਦਾਂ ਦਾ ਸੁਪਨਿਆਂ ਦਾ ਭਾਰਤ ਸਰਵਪੱਖੀ ਵਿਕਾਸ ਸਵੱਛ, ਬੇਟੀ ਬਚਾਓ ਬੇਟੀ ਪੜਾਓ, ਵਾਤਾਵਰਨ ਸ਼ੁੱਧ ਬਣਾਉ, ਭਾਰਤ ਸਵੱਛ ਭਾਰਤ ਬਨਾਉਣਾ ਚਾਹੁੰਦੇ ਹਾਂ ਤਾਂ ਇਕੋ ਇਕ ਹੱਲ ਹੈ ਕਿ ਆਪਣਾ ਘਰ ਸਕੂਲ ਹਰ ਸਰਕਾਰੀ, ਅਰਧ ਸਰਕਾਰੀ, ਪ੍ਰਾਈਵੇਟ ਜਿਥੇ ਵੀ ਅਸੀਂ ਕੰਮ ਕਰਦੇ ਹਾਂ, ਉਥੇ ਇਸ ਤਰ੍ਹਾਂ ਵਰਕ ਇਜ ਵਰਕਸ਼ਾਪ ਕਰਮ ਹੀ ਧਰਮ ਹੈ ਨੂੰ ਅਮਲੀ ਜਾਮਾ ਪਹਿਨਾ ਕੇ ਰੱਖੋ। ਤਨ, ਮਨ, ਆਲੇ ਦੁਆਲੇ ਦੀ ਸਫਾਈ ਫੇਰ ਲੋੜ ਕੀ ਦਵਾਈ ਨਾਲ ਹੀ ਬਜ਼ੁਰਗਾਂ ਦਾ ਘਰ ਵਿਚ ਮਾਣ, ਬੱਚਿਆਂ ਦਾ ਸਤਿਕਾਰ, ਆਪਸ ਵਿਚ ਪਿਆਰ ਹੀ ਪਰਿਵਾਰ ਨੂੰ ਸਕੂਲ ਨੂੰ, ਸਮਾਜ ਨੂੰ, ਦੇਸ਼ ਨੂੰ ਜਿਵੇਂ ਕਹਿੰਦੇ ਹਨ (ਮਾੜੀ ਆਦਤ ਤੁਰੰਤ ਛੱਡ ਦਿਓ)। ਇਹ ਗੱਲ ਆਪਾਂ ਆਪਣੇ ਆਪ ਤੇ ਲਾਗੂ ਕਰ ਲਈਏ ਉਸ ਨਾਲ ਸਾਡੇ ਘਰ, ਸਕੂਲ, ਸਮਾਜ ਦੇਸ਼, ਦੁਨੀਆਂ ਨੂੰ ਟੀਚਰ, ਪਰੀਚਰ, ਲੀਡਰ, ਖੁਦ ਸੁਧਰੋ, ਆਪਣੇ ਆਪ ਪਰਿਵਾਰ, ਸਮਾਜ, ਦੇਸ਼ ਸੁਧਰ ਜਾਵੇਗਾ। ਅੰਤ ਵਿਚ ਮੈਂ ਟੀਚਰ ਵੱਲੋਂ ਹੱਥ ਖੜੇ ਕਰਕੇ ਪ੍ਰਣ ਲਿਆ, ਖੁਦ ਸੁਧਰੋ ਨੂੰ ਅਮਲੀ ਜਾਮਾ ਪਹਿਨਾਇਆ।



ਆਵਾਜ਼ਿ ਕੌਮ AWAZE QAUM International Newspaper & WEB TV

# ਕੰਗਨਾ ਰਨੌਤ ਦੀ ਫਿਲਮ ਐਮਰਜੈਂਸੀ ਦਾ ਦਮਦਮੀ ਟਕਸਾਲ ਨੇ ਲਿਆ ਗੰਭੀਰ ਨੋਟਿਸ: ਭਾਈ ਸੁਖਦੇਵ ਸਿੰਘ ਸੁੱਖ ਬੁਲਾਰਾ ਦਮਦਮੀ ਟਕਸਾਲ



**ਫ਼ਿਰੋਜ਼ਪੁਰ, 25 ਅਗਸਤ (ਮਨੋਹਰ ਲਾਲ)**: ਕੰਗਨਾ ਰਨੌਤ ਦੀ ਫਿਲਮ ਐਮਰਜੈਂਸੀ ਦਾ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਭਾਈ ਸੁਖਦੇਵ ਸਿੰਘ ਖਾਲਸਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਵਾਰ ਕੰਗਨਾ ਰਨੌਤ ਸਿੱਖਾਂ ਦੇ ਵਿਰੁੱਧ ਬੇਤੁਕੇ ਬਿਆਨ ਦੇ ਰਹੀ ਹੈ, ਜਿਸ ਨਾਲ ਸਿੱਖ ਹਿਰਦੇ ਵਲੂੰਧਰੇ ਗਏ ਹਨ, ਜਿਸ ਦਾ ਨਤੀਜਾ ਕੰਗਨਾ ਰਨੌਤ ਏਅਰਪੋਰਟ ਤੇ ਪਹਿਲਾ ਹੀ ਭੁਗਤ ਚੁੱਕੀ ਹੈ ਅਤੇ ਉਹ ਹਿਮਾਚਲ ਦੇ ਜ਼ਿਲ੍ਹਾ ਮੰਡੀ ਤੋਂ ਸਾਂਸਦ ਚੁਣੀ ਗਈ ਲੋਕ ਸਭਾ ਮੈਂਬਰ ਕੰਗਨਾ ਰਨੌਤ ਇਕ ਵਾਰ ਫਿਰ ਆਪਣੀਆਂ ਕੋਝੀਆਂ ਹਰਕਤਾਂ ਕਰਕੇ ਸਿੱਖਾਂ ਨੂੰ ਵਾਰ ਵਾਰ ਬਦਨਾਮ ਕਰ ਰਹੀ ਹੈ। ਕੰਗਨਾ ਰਨੌਤ ਵੱਲੋਂ ਬਣਾਈ ਫਿਲਮ ਐਮਰਜੈਂਸੀ ਜੋ ਕਿ 6 ਸਤੰਬਰ ਨੂੰ ਰਿਲੀਜ਼ ਹੋ ਰਹੀ ਹੈ, ਜਿਸ ਵਿਚ ਸਿੱਖ ਕੌਮ ਦੇ ਨਾਇਕ ਸ਼੍ਰੀਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਨੂੰ ਖਾਲਿਸਤਾਨੀ ਸਾਬਤ ਕਰਨ ਦੀ ਜੋ ਕੋਸ਼ਿਸ਼ ਕੀਤੀ ਗਈ ਹੈ, ਉਸ ਦਾ ਸਿੱਖ ਕੌਮ ਦੀ ਜਥੇਬੰਦੀ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਭਾਈ ਸੁਖਦੇਵ ਸਿੰਘ ਖਾਲਸਾ ਨੇ ਕਿਹਾ ਕਿ 20ਵੀਂ ਸਦੀ ਦੇ ਮਹਾਨ ਜਰਨੈਲ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਨੇ ਹਮੇਸ਼ਾ ਹੀ ਅਨਿਆਂ ਵਿਰੁੱਧ ਆਪਣੀ ਅਵਾਜ ਉਠਾਈ ਹੈ ਅਤੇ ਸਿੱਖਾਂ ਦੇ ਧਾਰਮਿਕ ਮਸਲਿਆਂ ਅਤੇ ਹੱਕਾਂ ਦੀ ਆਪਣੀ ਅਵਾਜ਼ ਉਠਾਈ ਹੈ। ਭਾਈ ਸੁਖਦੇਵ ਸਿੰਘ ਖਾਲਸਾ ਨੇ ਅੱਗੇ ਦੱਸਿਆ ਕੰਗਨਾ ਰਨੌਤ ਕਰ ਰਹੀ ਹੈ, ਉਸ ਦਾ ਨਤੀਜਾ ਉਹ ਏਅਰਪੋਰਟ ਤੇ ਪਹਿਲਾਂ ਹੀ ਭੁਗਤ ਚੁੱਕੀ ਹੈ ਅਤੇ ਐਮਰਜੈਂਸੀ ਫਿਲਮ ਨੂੰ ਐਮਰਜੈਂਸੀ ਦੇ ਹਾਲਤ ਤੱਕ ਹੀ ਸੀਮਿਤ ਰੱਖਣਾ ਚਾਹੀਦਾ ਸੀ ਨਾ ਕਿ ਸਿੱਖਾਂ ਨੂੰ ਕਤਲੋ ਗਾਰਦ ਕਰਦੇ ਸਾਬਤ ਕਰਨਾ ਚਾਹੀਦਾ ਸੀ। ਭਾਈ ਸੁਖਦੇਵ ਸਿੰਘ ਖਾਲਸਾ ਨੇ ਕਿਹਾ ਕਿ ਉਹ ਇਸ ਫਿਲਮ ਨੂੰ ਪੰਜਾਬ ਵਿਚ ਕਿਸੇ ਵੀ ਕੀਮਤ ਤੇ ਰਿਲੀਜ਼ ਨਹੀਂ ਹੋਣ ਦੇਣਗੇ। ਭਾਈ ਸੁਖਦੇਵ ਸਿੰਘ ਖਾਲਸਾ ਨੇ ਕਿਹਾ ਕਿ 20ਵੀਂ ਸਦੀ ਦੇ ਮਹਾਨ ਜਰਨੈਲ ਸੰਤ ਜਰਨੈਲ ਸਿੰਘ ਖਾਲਸਾ ਨੇ ਹਮੇਸ਼ਾ ਉਹ ਸਿੱਖਾਂ ਦੀ ਲੋਕ ਭਲਾਈ ਦੇ ਕੰਮਾਂ ਨੂੰ ਪਹਿਲ ਦਿੰਦੇ ਸਨ ਅਤੇ ਹਮੇਸ਼ਾ ਹਿੰਦੂ ਸਿੱਖ ਭਾਈਚਾਰਾ ਬਣਾ ਕੇ ਰੱਖਦਾ ਸੀ। ਪਰ ਕੰਗਨਾ ਰਨੌਤ ਪੰਜਾਬ ਵਿਚ ਆਪਸੀ ਭਾਈਚਾਰੇ ਨੂੰ ਲਾਂਬੂ ਲਗਾ ਰਹੀ ਹੈ। ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਇਸ ਬਰਖਿਲਾਫ ਕਾਨੂੰਨੀ ਕਾਰਵਾਈ ਕਰਕੇ ਇਸ ਨੂੰ ਜੇਲ੍ਹ ਵਿਚ ਸੁੱਟਿਆ ਜਾਵੇ ਤਾਂ ਜੋ ਇਸ ਨੂੰ ਪਤਾ ਲੱਗਾ ਸਕੇ ਕਿ ਸਿੱਖਾਂ ਬਰਖਿਲਾਫ ਬੋਲਣ ਦਾ; ਸਰਕਾਰ ਨੂੰ ਇਸ ਬਰਖਿਲਾਫ ਜਲਦੀ ਤੋਂ ਜਲਦੀ ਕਾਰਵਾਈ ਕਰਕੇ ਅਤੇ ਇਸ ਦੀ ਬਣੀ ਫਿਲਮ ਨੂੰ ਬੰਦ ਕੀਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਦਾਰ ਹਰਪਾਲ ਸਿੰਘ ਭੁੱਲਰ ਨੇ ਪੰਜਾਬ ਵਿਚ ਹੀ ਨਹੀਂ ਦੇਸ਼ਾਂ ਵਿਦੇਸ਼ਾਂ ਵਿਚ ਹੀ ਆਪਣੀ ਪਹਿਚਾਣ ਬਣਾਈ: ਸਵਰਨ ਸਿੰਘ, ਗੁਰਜੀਤ ਸਿੰਘ ਵਿਰਕ



ਫ਼ਿਰੋਜ਼ਪੁਰ 25 ਅਗਸਤ (ਮਨੋਹਰ ਲਾਲ): ਇਕ ਪ੍ਰੈਸ ਬਿਆਨ ਵਿਚ ਸੋਸਾਇਟੀ ਦੇ ਸਕੱਤਰ ਸਵਰਨ ਸਿੰਘ ਅਤੇ ਵਾਇਸ ਚੇਅਰਮੈਨ ਗੁਰਜੀਤ ਸਿੰਘ ਵਿਰਕ ਨੇ ਆਖਿਆ ਕਿ ਹਰਪਾਲ ਸਿੰਘ ਭੁੱਲਰ ਨੇ ਪੰਜਾਬ ਨਹੀਂ ਬਲਕਿ ਦੇਸ਼ਾਂ ਵਿਦੇਸ਼ਾਂ ਵਿਚ ਵੀ ਆਪਣੀ ਪਛਾਣ ਬਣਾਈ ।ਪਹਿਲਾ ਅਮਰੀਕਾ ਅਤੇ ਫਿਰ ਇੰਗਲੈਂਡ ਵਿਚ ਵਿਸ਼ਵ ਭਾਈ ਮਰਦਾਨਾ ਸੁਸਾਇਟੀ ਰਜਿਸਟਰਡ ਕਰਵਾਇਆ ।ਉਥੇ ਜਾ ਕੇ ਸਿੱਖੀ ਦਾ ਪ੍ਰਚਾਰ ਕੀਤਾ। ਪੰਜਾਬ ਵਿਚ ਗਰੀਬ ਲੜਕੀਆਂ ਦੇ ਵਿਆਹ ਕਰਾਉਣੇ ਸ਼ੁਰੂ ਕੀਤੇ ਅਤੇ ਉਨ੍ਹਾਂ ਨੂੰ ਘਰ ਵਿਚ ਲੋੜੀਂਦਾ ਸਮਾਨ ਵੀ ਦਿੱਤਾ ।ਸ਼ੁਰੂ ਵਿਚ ਪਾਕਿਸਤਾਨ ਤੋਂ ਭਾਈ ਮਰਦਾਨਾ ਜੀ ਦੀ ਅੰਸਵੰਸ਼ ਵਿਚੋਂ ਭਾਈ ਲਾਲ ਜੀ ਨੂੰ ਬੁਲਾਇਆ ਉਨ੍ਹਾਂ ਨੂੰ ਮਾਨ ਸਨਮਾਨ ਦੁਆਇਆ। ਫਿਰ ਨਬੀ ਖਾਂ, ਗਨੀ ਖਾਂ ਦੇ ਪਰਿਵਾਰ ਨੂੰ ਭਾਰਤ ਬੁਲਾ ਕੇ ਸਨਮਾਨ ਦਿੱਤਾ। ਇਸੇ ਤਰ੍ਹਾਂ ਰਾਏ ਅਜੀਜ ਉਲਾ ਖਾ ਅਤੇ ਸਾਈਂ ਮੀਆਂ ਮੀਰ ਜੀ ਦੇ ਗੱਦੀ ਨਸ਼ੀਨ ਚੰਨ ਪੀਰ ਕਾਦਰੀ ਜੀ ਨੂੰ ਵੀ ਭਾਰਤ ਬੁਲਾ ਕੇ ਸਨਮਾਨ ਕੀਤਾ। ਹਰ ਸਾਲ ਤਕਰੀਬਨ 30 ਤੋਂ ਵੱਧ ਗਰੀਬ ਲੜਕੀਆਂ ਦੇ ਵਿਆਹ ਕੀਤੇ ਜਾਂਦੇ ਸੀ। ਫਿਰ 1992 ਵਿਚ ਆਪ ਪਾਕਿਸਤਾਨ ਜਾ ਕੇ ਉਥੋਂ ਦੇ ਗੁਰਦੁਆਰਿਆਂ ਦੀ ਹਾਲਤ ਅਤੇ ਗੁਰਦੁਆਰਿਆਂ ਦੀਆਂ ਤਸਵੀਰਾਂ ਜੱਗਬਾਣੀ ਅਖਬਾਰ ਵਿਚ ਕਿਸਤ ਦਰ ਕਿਸਤ ਪ੍ਰਕਾਸ਼ਿਤ ਕਰਵਾਈਆਂ। ਅਸੀਂ ਜਗਜੀਤ ਸਿੰਘ ਭੁੱਲਰ ਨਾਲ ਇਸ ਦੁੱਖ ਵਿਚ ਨਾਲ ਖੜੇ ਹਾਂ। ਇਸ ਮੌਕੇ ਜਤਿੰਦਰ ਸਿੰਘ, ਸੋਹਣ ਸਿੰਘ, ਸਰਬਜੀਤ ਸਿੰਘ ਛਾਬੜਾ, ਬਲਜਿੰਦਰ ਸਿੰਘ ਬੱਬੂ, ਬਲਦੇਵ ਸ਼ਿਨ ਹਾਂਡਾ, ਹਰਜੀਤ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV





## ਜਨਮ ਦਿਨ ਮੁਬਾਰਕ

**ਅਵੀਜੋਤ ਸਿੰਘ ਰੰਧਾਵਾ**

ਪਿਤਾ ਸੁਖਵਿੰਦਰ ਸਿੰਘ, ਮਾਤਾ ਸਿਮਰਜੀਤ ਕੌਰ, ਪਿੰਡ ਖੱਬੇ ਰਾਜਪੂਤ

( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

### ਪੰਜਾਬ ਸਰਕਾਰ ਵੱਲੋਂ ਪੂਰੇ ਪੰਜਾਬ ਅੰਦਰ ਡੀਪੂ ਹੋਲਡਰਾਂ ਦੀ ਬਕਾਇਆ ਕਰੀਬ

# 103 ਕਰੋੜ ਰਾਸ਼ੀ ਦਾ ਕੀਤਾ ਗਿਆ ਹੈ ਭੁਗਤਾਨ : ਲਾਲ ਚੰਦ ਕਟਾਰੂਚੱਕ



**ਪਠਾਨਕੋਟ, 25 ਅਗਸਤ ( ਆਵਾਜ਼ਿ ਕੌਮ ਬਿਊਰੋ)**- ਅੱਜ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਜੀ ਦੇ ਨਿਵਾਸ ਸਥਾਨ ਤੇ ਜਿਲ੍ਹਾ ਪਠਾਨਕੋਟ ਦੇ ਡੀਪੂ ਹੋਲਡਰਾਂ ਦਾ ਇੱਕ ਸਿਸਟ ਮੰਡਲ ਮਿਲਿਆ, ਡੀਪੂ ਹੋਲਡਰਾਂ ਵੱਲੋਂ ਕੈਬਨਿਟ ਮੰਤਰੀ ਪੰਜਾਬ ਜੀ ਨੂੰ ਫੁੱਲਾਂ ਦੇ ਹਾਰ ਪਾ ਕੇ ਸੁਭਕਾਮਨਾਵਾਂ ਦਿੱਤੀਆਂ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਰਾਮਪਾਲ ਮਹਾਜਨ ਪੰਜਾਬ ਪ੍ਰਧਾਨ, ਕਪਿਲ ਸਰਮਾ ਜਰਨਲ ਸਕੱਤਰ, ਬਲਜੀਤ ਮਹਾਜਨ, ਪਵਨ ਕੁਮਾਰ, ਸੰਦੀਪ ਸਰਮਾ, ਮੋਹਣ ਲਾਲ, ਅਨਿਲ ਕੁਮਾਰ, ਵਿਜੈ ਕੁਮਾਰ, ਰਵਿੰਦਰ ਕੁਮਾਰ , ਰਾਜੇਸ ਸੇਠੀ ਅਤੇ ਹੋਰ ਡੀਪੂ ਹੋਲਡਰ ਵੀ ਹਾਜਰ ਸਨ। ਇਸ ਮੌਕੇ ਤੇ ਸੰਬੋਧਤ ਕਰਦਿਆਂ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਜੀ ਨੇ ਕਿਹਾ ਕਿ ਪੰਜਾਬ ਅੰਦਰ ਡੀਪੂ ਹੋਲਡਰਾਂ ਦੀਆਂ ਸਮੱਸਿਆਵਾਂ ਸਨ ਅਤੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ ਸਨ । ਉਨ੍ਹਾਂ ਵੱਲੋਂ ਅਪਣੇ ਅਧਿਕਾਰੀਆਂ ਨਾਲ ਚਰਚਾ ਕਰਕੇ ਡੀਪੂ ਹੋਲਡਰਾਂ ਦੇ ਜੋ ਬਕਾਇਆ ਰਾਸੀ ਸੀ ਉਹ ਸਾਰੀ ਰਾਸੀ 103 ਕਰੋੜ ਰੁਪਏ ਰਲੀਜ ਕਰਵਾਇਆ ਗਿਆ ਹੈ ਜੋ ਸਿੱਧੇ ਤੋਰ ਤੇ ਇਨ੍ਹਾਂ ਖਾਤਿਆਂ ਵਿੱਚ ਚਲਾ ਗਿਆ ਹੈ। ਉਨ੍ਹਾਂ ਕਿਹਾ ਕਿ ਇੱਕ ਡੀਪੂ ਹੋਲਡਰਾਂ ਦੀ ਮੰਗ ਸੀ ਕਿ ਰਾਸਨ ਦੀ ਵੰਡ ਤੇ ਡੀਪੂ ਹੋਲਡਰਾਂ ਨੂੰ 45 ਪੈਸੇ ਮਿਲਦੇ ਹਨ ਅਤੇ ਇਨ੍ਹਾਂ ਇਸ ਨੂੰ ਵਧਾਉਂਣ ਦੀ ਮੰਗ ਕੀਤੀ ਸੀ। ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਜੀ ਦੀ ਯੋਗ ਅਗਵਾਈ ਵਿੱਚ ਇਨ੍ਹਾਂ ਡੀਪੂ ਹੋਲਡਰਾਂ ਦੀ ਰਾਸਨ ਦੀ ਵੰਡ ਤੇ ਦੋਗੁਣਾ ਪੈਸੇ ਮਿਲਣਗੇ ਅਤੇ ਇਹ ਰਾਸੀ ਅਪ੍ਰੈਲ 2024 ਤੋਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਲੋਕ ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ ਵੱਡੇ ਫੈਂਸਲੇ ਕਰਦੀ ਆ ਰਹੀ ਹੈ ਡੀਪੂ ਹੋਲਡਰਾਂ ਨੂੰ ਭਵਿੱਖ ਵਿੱਚ ਕਿਸੇ ਤਰ੍ਹਾਂ ਦੀ ਪ੍ਰੇਸਾਨੀ ਨਾ ਆਵੇ ਇਸ ਦਾ ਵੀ ਵਿਸੇਸ ਧਿਆਨ ਰੱਖਿਆ ਜਾਵੇਗਾ।

**ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਦਾ ਡੀਪੂ ਹੋਲਡਰਾਂ ਨੇ ਮੂੰਹ ਮਿੱਠਾ ਕਰਵਾ ਕੇ ਕੀਤਾ ਧੰਨਵਾਦ**

### ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ

# ਜ਼ਿਲ੍ਹਾ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਦੀਨਾਨਗਰ ਤੋਂ ਘਰੋਟਾ ਮਾਰਗ ਦਾ ਕੀਤਾ ਨਿਰੀਖਣ



**☛ ਉਨ੍ਹਾਂ ਇਲਾਕੇ ਦੇ ਲੋਕਾਂ ਨੂੰ ਭਰੋਸਾ ਦਿੱਤਾ ਜਲਦੀ ਹੀ ਇਸ ਰੋਡ ਦਾ ਕਰਵਾਇਆ ਜਾਵੇਗਾ ਨਵਨਿਰਮਾਣ**

**☛ ਕੈਬਨਿਟ ਮੰਤਰੀ ਪੰਜਾਬ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਸਾਲਾ ਪੁਲ ਅਤੇ ਘਰੋਟਾ ਖਾਲ ਪੁਲ ਦਾ ਵੀ ਮੌਕੇ ਤੇ ਪਹੁੰਚ ਲਿਆ ਜਾਇਜਾ**

**ਪਠਾਨਕੋਟ, 25 ਅਗਸਤ (ਆਵਾਜ਼ਿ ਕੌਮ ਬਿਊਰੋ)**- ਅੱਜ ਕੈਬਨਿਟ ਮੰਤਰੀ ਪੰਜਾਬ ਸ੍ਰੀ ਲਾਲ ਚੰਦ ਕਟਾਰੂਚੱਕ ਵੱਲੋਂ ਡਿਪਟੀ ਕਮਿਸਨਰ ਪਠਾਨਕੋਟ ਸ੍ਰੀ ਆਦਿੱਤਿਆ ਉੱਪਲ ਜੀ ਅਤੇ ਹੋਰ ਪ੍ਰਸਾਸਨਿਕ ਅਧਿਕਾਰੀਆਂ ਨਾਲ ਦੀਨਾਨਗਰ ਤੋਂ ਘਰੋਟਾ ਜਾਣ ਵਾਲੇ ਮਾਰਗ ਦਾ ਅਤੇ ਘਰੋਟਾ ਨਜਦੀਕ ਖਾਲ ਤੇ ਬਣਾਏ ਦੋ ਪੁਲਾਂ ਦਾ ਵੀ ਨਿਰੀਖਣ ਕੀਤਾ ਗਿਆ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਮਨੋਹਰ ਠਾਕੁਰ ਸੰਯੁਕਤ ਸਕੱਤਰ ਪੰਜਾਬ ਟ੍ਰੇਡਰ ਕਮਿਸਨ, ਬਲਾਕ ਪ੍ਰਧਾਨ ਪਵਨ ਕੁਮਾਰ ਫੋਜੀ, ਬਲਾਕ ਪ੍ਰਧਾਨ ਰਣਜੀਤ ਸਿੰਘ ਜੀਤਾ, ਬਲਾਕ ਪ੍ਰਧਾਨ ਬਲਜੀਤ ਸਿੰਘ ਅਤੇ ਹੋਰ ਪਾਰਟੀ ਦੇ ਕਾਰਜਕਰਤਾ ਅਤੇ ਅਧਿਕਾਰੀ ਵੀ ਹਾਜਰ ਸਨ।

ਜਿਕਰਯੋਗ ਹੈ ਕਿ ਦੀਨਾਨਗਰ ਤੋਂ ਘਰੋਟਾ ਮਾਰਗ ਜੋ ਕਿ ਦਰਜਨਾਂ ਪਿੰਡਾਂ ਨੂੰ ਦੀਨਾਨਗਰ ਨਾਲ ਜੋੜਦਾ ਹੈ ਅਤੇ ਖਸਤਾ ਹਾਲਤ ਰੋਡ ਕਰਕੇ ਜਿੱਥੇ ਆਏ ਦਿਨ ਦੁਰਘਟਨਾਵਾਂ ਹੁੰਦੀਆਂ ਹਨ ਅਤੇ ਰਾਹਗੀਰਾਂ ਨੂੰ ਵੀ ਪ੍ਰੇਸਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਦੱਸਿਆ ਕਿ ਹੈਵੀ ਵਾਹਨਾਂ ਦੇ ਚਲਦਿਆਂ ਦੀਨਾਨਗਰ ਤੋਂ ਘਰੋਟਾ ਜਾਣ ਵਾਲਾ ਮਾਰਗ ਜੋ ਕਿ ਕਾਫੀ ਖਸਤਾ ਹਾਲਤ ਹੈ ਅੱਜ ਉਨ੍ਹਾਂ ਵੱਲੋਂ ਖੁਦ ਇਸ ਰੋਡ ਦੀ ਵਿਜਟ ਕੀਤੀ ਗਈ ਹੈ, ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਇਸ ਰੋਡ ਦਾ ਨਿਰਮਾਣ ਤਾ ਕਰਵਾਇਆ ਗਿਆ ਸੀ ਪਰ ਇਹ ਰੋਡ ਜਿਆਦਾ ਦੇਰ ਤੱਕ ਟਿਕ ਨਹੀਂ ਸਕਿਆ ਅਤੇ ਹੁਣ ਇਸ ਦੀ ਹਾਲਤ ਕਾਫੀ ਖਸਤਾ ਹੈ ਜਦਕਿ ਇਸ ਰੋਡ ਦਾ ਲਾਭ ਕਰੀਬ 50 ਪਿਡਾਂ ਨੂੰ ਹੈ। ਉਨ੍ਹਾਂ ਮੌਕੇ ਤੇ ਅਧਿਕਾਰੀਆਂ ਨੂੰ ਆਦੇਸ ਦਿੰਦਿਆਂ ਕਿਹਾ ਕਿ ਇਸ ਰੋਡ ਦੇ ਨਿਰਮਾਣ ਕਾਰਜ ਨੂੰ ਲੈ ਕੇ ਪਹਿਲੇ ਫੇਜ ਵਿੱਚ ਕੱਲ ਤੋਂ ਹੀ ਜੋ ਦੀਨਾਨਗਰ ਤੋਂ ਛੰਨੀ ਤੱਕ ਵੱਡੇ ਖੱਡੇ ਪਏ ਹੋਏ ਹਨ ਉਨ੍ਹਾਂ ਨੂੰ ਭਰਨ ਦਾ ਕੰਮ ਸੁਰੂ ਕੀਤਾ ਜਾਵੈ। ਇਸ ਮੌਕੇ ਤੇ ਕੈਬਨਿਟ ਮੰਤਰੀ ਨੇ ਕਿਹਾ ਕਿ ਘਰੋਟਾ ਤੋਂ ਭੀਮਪੁਰ ਤੱਕ ਕੰਕਰੀਟ ਦੀ ਸੜਕ ਬਣਾਈ ਜਾਵੇਗੀ ਅਤੇ ਭੀਮਪੁਰ ਤੋਂ ਦੀਨਾਨਗਰ ਤੱਕ ਪ੍ਰੀਮਿਕਸ ਪਾ ਕੇ ਵਧੀਆ ਕਵਾਲਿਟੀ ਦੇ ਰੋਡ ਦਾ ਨਵਨਿਰਮਾਣ ਕੀਤਾ ਜਾਵੇਗਾ, ਉਨ੍ਹਾਂ ਕਿਹਾ ਕਿ ਇਸ ਸਮੱਸਿਆ ਨੂੰ ਜਲਦੀ ਮਾਨਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਜੀ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ ਤਾਂ ਜੋ ਲੋਕਾਂ ਨੂੰ ਇੱਕ ਵਧੀਆ ਰੋਡ ਮਿਲ ਸਕੇ।

ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਸਾਲਾ ਪਿੰਡ ਦਾ ਪੁਲ ਜੋ ਜੈਕਟਰ ਤੋਂ ਨਿਕਲ ਕੇ ਬਿਆਸ ਜਾਣ ਵਾਲੀ ਖਾਲ ਤੇ ਬਣਾਏ ਹੋਏ ਹਨ ਅਤੇ ਇਹ ਪੁਲ ਨੂੰ ਪਾਣੀ ਨਾਲ ਖਤਰਾ ਹੈ ਇਸ ਤੋਂ ਇਲਾਵਾ ਘਰੋਟਾ ਖੁਰਦ ਤੋਂ ਅਗਲੇ ਪਿੰਡਾਂ ਨੂੰ ਜਾਣ ਵਾਲਾ ਖਾਲ ਪੁਲ ਦੀ ਹਾਲਤ ਵੀ ਖਸਤਾ ਹੈ। ਇਸ ਲਈ ਉਨ੍ਹਾਂ ਵੱਲੋਂ ਪ੍ਰਸਾਸਨਿਕ ਅਧਿਕਾਰੀਆਂ ਦੇ ਨਾਲ ਮਿਲ ਕੇ ਦੋਨੋ ਪੁਲਾਂ ਦਾ ਨਿਰੀਖਣ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਦੋਨਾਂ ਪੁਲਾਂ ਵਿੱਚੋਂ ਇੱਕ ਪੁਲ ਜੋ ਘਰੋਟਾ ਖਾਲ ਪੁਲ ਹੈ ਉਸ ਦੀ ਪਰਪੋਜਲ ਬਣਾ ਕੇ ਸਰਕਾਰ ਨੂੰ ਭੇਜੀ ਜਾ ਚੁੱਕੀ ਹੈ ਅਤੇ ਦੂਸਰੇ ਸਾਲਾ ਪੁਲ ਦੀ ਪਰਪੋਜਲ ਵੀ ਜਲਦੀ ਬਣਾ ਕੇ ਸਰਕਾਰ ਨੂੰ ਭੇਜੀ ਜਾਵੇਗੀ। ਉਨ੍ਹਾਂ ਕਿਹਾ ਕਿ ਸਬੰਧਤ ਖੇਤਰ ਦੇ ਲੋਕਾਂ ਨੂੰ ਵਧੀਆ ਪੁਲ ਮਿਲ ਸਕਣ ਅਤੇ ਕਿਸੇ ਤਰ੍ਹਾਂ ਦਾ ਕੋਈ ਨੁਕਸਾਨ ਨਾ ਹੋਵੇ ਇਸ ਨੂੰ ਧਿਆਨ ਵਿੱਚ ਰੱਖ ਕੇ ਉਨ੍ਹਾਂ ਵੱਲੋਂ ਵਿਸੇਸ ਤੋਰ ਤੇ ਪੁਲਾਂ ਦਾ ਨਿਰੀਖਣ ਕੀਤਾ ਗਿਆ ਹੈ। ਘਰੋਟਾ ਖਾਲ ਪੁਲ ਜੋ ਕਿ ਕਮਜੋਰ ਹੈ ਅਤੇ ਇਸ ਪੁਲ ਦਾ ਪਾਣੀ ਨਾਲ ਕਾਫੀ ਨੁਕਸਾਨ ਹੋਇਆ ਹੈ ਪਹਿਲਾ ਵੀ ਦੋ ਵਾਰ ਇਸ ਪੁਲ ਦੀ ਰਿਪੇਅਰ ਕੀਤੀ ਜਾ ਚੁੱਕੀ ਹੈ ਅਤੇ ਹੁਣ ਇਸ ਸਥਾਨ ਤੇ ਸਟੀਲ ਬ੍ਰਿਜ ਬਣਾਉਂਣ ਦੀ ਯੋਜਨਾਂ ਸਰਕਾਰ ਨੂੰ ਭੇਜੀ ਗਈ ਹੈ ਇਸ ਤੋਂ ਇਲਾਵਾ ਸਾਲਾ ਪੁਲ ਦੀ ਪਰਪੋਜਲ ਵੀ ਬਣਾ ਕੇ ਪੰਜਾਬ ਸਰਕਾਰ ਨੂੰ ਭੇਜੀ ਜਾਵੇਗੀ ਤਾਂ ਜੋ ਲੋਕਾਂ ਨੂੰ ਜਲਦੀ ਨਵੇਂ ਪੁਲ ਮਿਲ ਸਕਣ ਅਤੇ ਲੋਕਾਂ ਨੂੰ ਕਿਸੇ ਕਿਸਮ ਦੀ ਪ੍ਰੇਸਾਨੀ ਦਾ ਸਾਹਮਣਾ ਨਾ ਕਰਨਾ ਪਵੇ।

# ਮੁੱਖ ਮੰਤਰੀ ਸਾਹਿਬ ਜੀ ਨਿਗਮ ਕੰਗਾਲ ਅਤੇ ਅ਼ਫਸਰ ਮਾਲਾਮਾਲ: ਪੰਡਿਤ ਰਾਕੇਸ਼ ਸ਼ਰਮਾ

## ਐਮ ਟੀ ਪੀ ਵਿਭਾਗ ਨਜਾਇਜ ਕਲੋਨੀਆਂ ਤੇ ਅ਼ਫਸਰ ਨਹੀਂ ਕਰਦੇ ਕੋਈ ਕਾਰਵਾਈ



**ਚੌਕ ਮਹਿਤਾ, 25 ਅਗਸਤ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਵਿੱਚ ਨਜਾਇਜ਼ ਕਲੋਨੀਆਂ ਕਟਣ ਵਾਲਿਆਂ ਨੂੰ ਨਾ ਹੀ ਨਗਰ ਨਿਗਮ ਕਮਿਸ਼ਨਰ ਦਾ ਹੀ ਡਰ ਹੈ ਤੇ ਨਾ ਹੀ ਐਮ ਟੀ ਪੀ ਵਿਭਾਗ ਦਾ ਕੋਈ ਡਰ ਹੈ ਕਿਉਂਕਿ ਇਹਨਾਂ ਦੀ ਨਗਰ ਨਿਗਮ ਦੇ ਐਮਟੀਪੀ ਵਿਭਾਗ ਦੇ ਅਧਿਕਾਰੀਆਂ ਨਾਲ ਪੂਰੀ ਮਿਲੀ ਭੁਗਤ ਹੈ ਇਹਨਾ ਸ਼ਬਦਾਂ ਦਾ ਪ੍ਰਗਟਾਵਾ ਪੰਡਿਤ ਰਾਕੇਸ਼ ਸ਼ਰਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਾਂਝਾ ਕੀਤਾ ਉਹਨਾਂ ਕਿਹਾ ਕਿ ਇਥੋਂ ਤੱਕ ਸਰਕਾਰੀ ਨਾਲੇ, ਨਕਾਸੂ, ਉਹਨਾਂ ਨੂੰ ਵੀ ਕੱਟ ਕੱਟ ਵੇਚ ਦਿੱਤਾ ਗਿਆ ਹੈ ਇੱਕ ਕਲੋਨੀ ਆਰ ਕੇ ਇਨਕਲੇਵ ਜਿਹੜੀ ਕਿ ਬਟਾਲਾ ਰੋਡ ਤੇ ਹੈ, 22 ਨੰਬਰ ਵਾਰਡ ਦੇ ਵਿੱਚ ਆਉਂਦੀ ਹੈ ਇਸ ਦੇ ਮਾਲਕਾਂ ਵੱਲੋਂ ਸਰਕਾਰੀ ਜਗ੍ਹਾ ਨਕਾਸੂ ਦੇ ਉੱਤੇ ਕਬਜ਼ਾ ਕਰਕੇ ਉਸ ਨੂੰ ਵੇਚ ਦੇਣ ਦੇ ਬਾਵਜੂਦ ਇੱਥੇ ਪਲਾਟਾਂ ਨੂੰ ਐਨਓਸੀ ਜਾਰੀ ਕਰ ਦਿੱਤਾ ਗਿਆ ਹੈ ਇਸੇ ਤਰ੍ਹਾਂ ਹੀ ਸਿਟੀ ਹਾਰਟ ਕਲੋਨੀ ਬਟਾਲਾ ਰੋਡ ਦੀ ਬੈਕ ਸਾਈਡ ਦੇ ਉੱਤੇ ਵੀ ਇੱਕ ਨਾਜ਼ਾਇਜ਼ ਕਲੋਨੀ ਬਣੀ ਇਸੇ ਤਰ੍ਹਾਂ ਹੋਰ ਵੀ ਕਈ ਕਲੋਨੀਆਂ ਸ਼ਹਿਰ ਦੇ ਵਿੱਚ ਨਾਜਾਇਜ਼ ਤੌਰ ਤੇ ਬਣ ਰਹੀਆਂ ਹਨ ਤੇ ਉਹਨਾਂ ਨੂੰ ਐਮਟੀਪੀ ਵਿਭਾਗ ਵੱਲੋਂ ਰੋਕਣ ਦੀ ਬਜਾਏ ਬਣਨ ਵੀ ਦਿੱਤਾ ਜਾ ਰਿਹਾ ਹੈ ਜਿਸ ਦੇ ਨਾਲ ਸਰਕਾਰ ਕੰਗਾਲ ਤੇ ਐਮਟੀਪੀ ਵਿਭਾਗ ਦੇ ਅਫਸਰ ਮਾਲ ਹੋ ਰਹੇ ਹਨ ਮੁੱਖ ਮੰਤਰੀ ਭਗਵੰਤ ਮਾਨ ਦੇ ਹੁਕਮਾਂ ਅਨੁਸਾਰ ਦੇ ਬਾਵਜੂਦ ਅੱਜ ਵੀ ਅੰਮ੍ਰਿਤਸਰ ਵਿੱਚ ਨਾਜਾਇਜ਼ ਕਲੋਨੀਆਂ ਕੱਟੀਆਂ ਜਾ ਰਹੀਆਂ ਹਨ, ਸਰਕਾਰੀ ਜਮੀਨਾਂ ਵੇਚੀਆਂ ਜਾ ਰਹੀਆਂ ਨੇ। ਪਰ ਨਗਰ ਨਿਗਮ ਦਾ ਐਮਟੀਪੀ ਡਿਪਾਰਟਮੈਂਟ ਕੋਈ ਕਾਰਵਾਈ ਕਰਨ ਦੀ ਬਜਾਏ ਨਾਜਾਇਜ਼ ਕਲੋਨੀਆਂ ਕਟਣ ਵਾਲਿਆਂ ਅਤੇ ਸਰਕਾਰੀ ਜਮੀਨਾਂ ਵੇਚਣ ਵਾਲਿਆਂ ਲੋਕਾਂ ਦੇ ਨਾਲ ਰਲ ਕੇ ਮੋਟੀ ਕਮਾਈ ਕਰ ਰਿਹਾ ਹੈ।

ਇਸ ਬਾਰੇ ਸਾਡੇ ਵਲੋ ਅੰਮ੍ਰਿਤਸਰ ਨਗਰ ਨਿਗਮ ਦੇ ਕਮਿਸ਼ਨਰ ਹਰਪ੍ਰੀਤ ਸਿੰਘ ਨੂੰ ਜਾਗਰੂਕ ਕਰਵਾਇਆ ਗਿਆ ਹੈ ਕਿ ਨਗਰ ਨਿਗਮ ਦੇ ਕਮਿਸ਼ਨਰ ਹਰਪ੍ਰੀਤ ਸਿੰਘ ਛੇਤੀ ਇਸ ਕਲੋਨੀ ਨੂੰ ਕੱਟਣ ਵਾਲੇ ਤੇ ਸਰਕਾਰੀ ਜਮੀਨਾਂ/ ਨਕਾਸੂ ਦੇ ਉੱਤੇ ਕਬਜ਼ਾ ਕਰਕੇ ਉਸਨੂੰ ਵੇਚ ਦੇਣ ਵਾਲਿਆਂ ਦੇ ਉੱਤੇ ਸਖ਼ਤ ਕਾਰਵਾਈ ਕਰਨ ਦੇ ਆਦੇਸ਼ ਜਾਰੀ ਜਾਰੀ ਕਰਨ ਪੰਡਿਤ ਰਾਕੇਸ਼ ਸ਼ਰਮਾ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਪਾਸੋਂ ਮੰਗ ਕੀਤੀ ਕਿ ਸ਼ਹਿਰ ਵਿੱਚ ਐਮ ਟੀ ਪੀ ਵਿਭਾਗ ਦੀ ਮਦਦ ਸਦਕਾ ਨਜਾਇਜ ਕਲੋਨੀਆਂ ਬਣਾਉਣ ਵਾਲੇ ਅਧਿਕਾਰੀਆਂ ਉੱਪਰ ਸਖ਼ਤ ਤੋਂ ਸਖ਼ਤ ਕਾਰਵਾਈ ਕਰਨ ਦੇ ਆਦੇਸ਼ ਜਾਰੀ ਕਰਨ ਅਤੇ ਇਸਦੀ ਜਾਂਚ ਵਿਜੀਲੈਂਸ ਵਿਭਾਗ ਪਾਸੋਂ ਕਰਵਾਈ ਜਾਵੇ।

## ਬਿੱਟੂ ਨੂੰ ਰਾਜ ਸਭਾ ਮੈਂਬਰ ਬਣਨ ਤੇ ਬਿੱਲਾ ਸਾਹੀਵਾਲ ਨੇ ਦਿੱਤੀ ਵਧਾਈ



**ਭਾਦਸੋਂ (ਰਣਜੀਤ ਸਿੰਘ ਪੇਧਨੀ)** -ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਪਾਰਟੀ ਦੀ ਹਾਈਕਮਾਨ ਵੱਲੋ ਰਾਜਸਥਾਨ ਤੋ ਮੈਂਬਰ ਰਾਜ ਸਭਾ ਨਾਮਜ਼ਦ ਕਰਨਾ ਪੰਜਾਬੀਆ ਲਈ ਮਾਣ ਵਾਲੀ ਗੱਲ ਹੈ। ਇਹਨਾ ਵਿਚਾਰਾਂ ਦਾ ਪ੍ਰਗਟਾਵਾ ਨੌਜਵਾਨ ਦਿਲਾਂ ਦੀ ਧੜਕਨ, ਉੱਘੇ ਸਮਾਜ ਸੇਵੀ ਬਿੱਲਾ ਸਾਹੀਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਕੀਤਾ। ਉਹਨਾ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਅਮਿਤ ਸ਼ਾਹ ਗ੍ਰਹਿ ਮੰਤਰੀ ਵੱਲੋ ਪੰਜਾਬ ਦੇ ਲੋਕਾ ਨੂੰ ਵੱਡਾ ਤੋਹਫਾ ਦਿੱਤਾ ਹੈ ਕਿਉਕਿ ਰਵਨੀਤ ਸਿੰਘ ਬਿੱਟੂ ਇੱਕ ਗਰਾਊਂਡ ਨਾਲ ਜੁੜੇ ਹੋਏ ਆਗੂ ਹਨ ਉਹਨਾ ਦੀ ਅਗਵਾਈ ਵਿੱਚ ਭਾਜਪਾ ਮਜਬੂਤ ਹੋਵੇਗੀ ਉਹਨਾ ਨੇ ਅੱਗੇ ਕਿਹਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਦੇਸ ਤਰੱਕੀ ਦੀਆਂ ਮੰਜਲਾਂ ਨੂੰ ਛੂਹ ਰਿਹਾ ਹੈ ਲੋਕ ਨੀਤੀਆ ਤੋ ਪੂਰੀ ਤਰਾਂ ਖੁਸ ਹਨ ਜਦੋਕਿ ਕਾਂਗਰਸ ਪਾਰਟੀ ਦੀਆਂ ਸਰਕਾਰਾਂ ਨੇ ਦੇਸ ਦਾ ਦੀਵਾਲਾ ਕੱਢ ਕੇ ਰੱਖ ਦਿੱਤਾ ਸੀ।

## ਜਿਲ੍ਹਾ ਪਠਾਨਕੋਟ ਦੇ ਪ੍ਰਸਿੱਧ ਸਮਾਜ ਸੇਵੀ ਤੇ ਗੀਤਕਾਰ ਨਿੰਦੀ ਮੰਗਿਆਲ ਸੋਸ਼ਲ ਸੇਵਾਵਾਂ ਤੇ ਸਿੱਖਿਆ ਸਬੰਧੀ ਲੋਕਾਂ ਨੂੰ ਜਾਗੂਰਕ ਕਰਨ ਲਈ ਸਨਮਾਨਿਤ

**ਪਠਾਨਕੋਟ, 25 ਅਗਸਤ (ਆਵਾਜ਼ਿ ਕੌਮ ਬਿਊਰੋ)**-ਮਾਤਾ ਸਵਿਤਰੀ ਬਾਈ ਫੂਲੇ ਸੋਸ਼ਲ ਵੈਲਫ਼ੇਅਰ ਸੋਸਾਇਟੀ ਪਠਾਨਕੋਟ ਦੇ ਫਾਊਂਡਰ ਚੇਅਰਮੈਨ ਸਰਦਾਰ ਦਰਸ਼ਨ ਸਿੰਘ ਪਾਠੀ ਦੀ ਅਗਵਾਈ ਵਿੱਚ ਇੱਕ ਵਿਸ਼ੇਸ ਸਨਮਾਨ ਸਮਾਰੋਹ ਪ੍ਰੋਗਰਾਮ ਕੀਤਾ ਗਿਆਂ ਜਿਸ ਵਿੱਚ ਜਿਲ੍ਹਾ ਪਠਾਨਕੋਟ ਦੇ ਸਬੰਧਤ ਸਮਾਜ ਸੇਵੀ ਲੋਕਾਂ ਨੇ ਸਿਰਕਤ ਕੀਤੀ ਜਿਲ੍ਹਾ ਪਠਾਨਕੋਟ ਦੇ ਜੰਮਪਲ ਪ੍ਰਸਿੱਧ ਸਮਾਜ ਸੇਵੀ ਤੇ ਪ੍ਰਸਿੱਧ ਗੀਤਕਾਰ ਲੇਖਕ ਤੇ ਪਬਲਿਕ ਵਿਕਾਸ ਕੌਂਸਲ ਐਨ, ਜੀ, ਓ ਦੇ ਪੰਜਾਬ ਪ੍ਰਧਾਨ ਨਰਿੰਦਰ ਨਿੰਦੀ ਮੰਗਿਆਲ ਜੀ ਦਾ ਸਰਨਾ ਵਿਖ਼ੇ ਪਹੁੰਚਣ ਤੇ ਨਿੱਘਾ ਸਵਾਗਤ ਪਾਠੀ ਦਰਸ਼ਨ ਲਾਲ ਤੇ ਪ੍ਰਧਾਨ ਕੇਵਲ ਕ੍ਰਿਸਨ ਡੇਰਾ ਚੱਕੀ ਪਠਾਨਕੋਟ ਜਰਨਲ ਸਕੱਤਰ ਸੁਬਾਸ਼ ਕਾਲਾ, ਮਾਤਾ ਸਵਿਤਰੀ ਬਾਈ ਫੂਲੇ ਸੋਸ਼ਲ ਵੈਲ਼ਫੇਅਰ ਸੋਸਾਇਟੀ ਦੀ ਪ੍ਰਧਾਨ ਮਮਤਾਂ ਥਾਪਾ ਜੀ ਤੇ ਹੋਰ ਉਘੀਆ ਸਖਸੀਅਤਾ ਨੇ ਪ੍ਰੋਗਰਾਮ ਵਿੱਚ ਭਾਗ ਲਿਆ ਇਸ ਮੌਕੇ ਪਰ ਪ੍ਰਧਾਨ ਕੇਵਲ ਕ੍ਰਿਸਨ ਤੇ ਪਾਠੀ ਨੇ ਇੱਕ ਸਾਂਝੇ ਬਿਆਨ ਵਿੱਚ ਕਿਹਾ ਕਿ ਨਿੰਦੀ ਮੰਗਿਆਲ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ ਜੋ ਉਹਨਾਂ ਵੱਲੋ ਧਾਰਮਿਕ ਸਮਾਜਿਕ, ਸੋਸ਼ਲ ਸੇਵਾਵਾਂ ਜੋ ਪਿਛਲੇ 20/25 ਸਾਲਾਂ ਤੇ ਉਹ ਆਪਣੀਆਂ ਸੇਵਾਵਾਂ ਪੂਰੇ ਪਰਿਵਾਰ ਸਮੇਤ ਪਠਾਨਕੋਟ ਤੇ ਆਸ ਪਾਸ ਜਮੂ ਕਸ਼ਮੀਰ ਹਿਮਾਚਲ ਦੇ ਇਲਾਕਿਆਂ ਵਿੱਚ ਸੇਵਾ ਕਰ ਰਹੇ ਬਹੁਤ ਸਲਾਘਾ ਯੋਗ ਹਨ ਸੰਸਥਾ ਵੱਲੋ ਦਿੱਤਾ ਐਵਾਰਡ ਸਰਟੀਫਿਕੇਟ ਬਹੁਤ ਛੋਟਾ ਹੈ ਓਹਨਾ ਵੱਲੋ ਬਹੁਤ ਯਾਦਗੀਰੀ ਕੰਮ ਕੀਤੇ ਜਾ ਚੁੱਕੇ ਹਨ ਪੂਰੀ ਕੌਮ ਨੂੰ ਉਹਨਾਂ ਦੀ ਇਮਾਨਦਾਰੀ, ਬੋਲੀ ਢੰਗ ਲਹਿਜਾ ਵਫ਼ਾਦਾਰੀ ਤੇ ਪੂਰੀ ਰਵਿਦਾਸੀਆ ਕੌਮ ਫੱਕਰ ਕਰਦੀ ਹੈ ਤੇ ਅੱਜ ਮਾਤਾ ਸਵਿਤਰੀ ਬਾਈ ਫੂਲੇ ਸੰਸਥਾ ਗੋਵਮਈ ਮਹਿਸੂਸ ਕਰਦੀ ਹੈ ਇਸ ਮੌਕੇ ਤੇ ਗੀਤਕਾਰ ਨਿੰਦੀ ਮੰਗਿਆਲ ਜੀ ਵੱਲੋ ਸਭ ਦਾ ਧੰਨਵਾਦ ਕੀਤਾ ਗਿਆਂ ਤੇ ਕਿਹਾ ਮਾਤਾ ਸਵਿਤਰੀ ਬਾਈ ਫੂਲੇ ਸੰਸਥਾ ਬੱਚਿਆਂ ਦਾ ਜੀਵਨ ਉੱਚਾ ਚੁੱਕਣ ਲਈ ਬਹੁਤ ਵਧੀਆ ਕੰਮ ਪਾਠੀ ਦਰਸ਼ਨ ਸਿੰਘ ਦੀ ਅਗਵਾਈ ਵਿੱਚ ਕਰ ਰਹੀ ਹੈ ਇਸ ਮੌਕੇ ਪਰ ਸਮਾਜ ਸੇਵੀ ਗੀਤਕਾਰ ਨਿੰਦੀ ਮੰਗਿਆਲ ਜੀ ਨੇ ਆਪਣੇ ਮੁੱਖਾਬਿੰਦ ਚੋਂ ਬੋਲਦਿਆਂ ਕਿਹਾ ਕਿ ਸਿੱਖਿਆ ਦੀ ਕ੍ਰਾਂਤੀਕਾਰੀ ਦਾ ਦੀਪਕ ਸਿੱਖਿਅਤ ਵਿਅਕਤੀ ਹੀ ਜਲਾ ਸਕਦਾ, ਸਮਾਜ ਸੇਵਕ, ਨਿੰਦੀ ਮੰਗਿਆਲ ਨੇ ਕਿਹਾ ਕਿ ਕਿਹਾ ਕਿ ਜੀਵਨ ਦਾ ਮੂਲ ਅਧਾਰ ਤਰੱਕੀ ਉਦੋਂ ਹੀ ਹੋ ਸਕਦੀ ਹੈ ਜਦੋ ਵਿਅਕਤੀ ਸਿੱਖਿਆ ਮੂਲ ਸਿਧਾਂਤਾਂ ਨੂੰ ਪਹਿਚਾਣਦਾ ਹੋਵੇ ਸਿੱਖਿਅਤ ਹੋਵੇ ਏਹ ਵਿਚਾਰ ਪ੍ਰਸਿੱਧ ਸਮਾਜ ਸੇਵੀ ਉਘੇ ਲੇਖਕ ਗੀਤਕਾਰ ਨਿੰਦੀ ਮੰਗਿਆਲ ਨੇ ਕਹੀ ਉਹਨਾਂ ਆਪਣੇ ਮੁਖਬਿੰਦ ਚੋਂ ਬੋਲਦਿਆਂ ਕਿਹਾ ਕਿ ਕਿੱਸੇ ਦੇਸ ਕੌਮ ਕੁੱਲਬੇ ਸਭਿਆਚਾਰ ਦੀ ਤਰੱਕੀ ਉਨਤੀ ਉਦੋਂ ਹੀ ਸਭਵ ਹੋ ਸਕਦੀ ਹੈ ਜਦੋ ਉਠੋ ਦੇ ਲੋਕ ਤਰਕਵਾਦੀ ਤੇ ਸਿੱਖਿਅਤ ਹੋਣ, ਸਿਆਸੀ ਲੋਕਾਂ ਆਪਣੇ ਲਾਹੇ ਲਈ ਜਾ ਸਿਆਸੀ ਲੋਕਾਂ ਨੇ ਆਪਣੇ ਏਜੰਡੇ ਚਲਾਉਣ ਨੂੰ ਦੇਸ ਨੂੰ ਅਨਪੜ ਗਵਾਰ ਬਣਾ ਕੇ ਰੱਖਣਾ ਚਾਹੁੰਦੇ ਹਨ ਜਾ ਉਹ ਆਪਣੇ ਲੋਭ ਦੀ ਪੂਰਤੀ ਲਈ ਲੋਕਾਂ ਨੂੰ ਧਾਰਮਿਕ ਅੰਨੀ ਭਗਤੀ ਵਿੱਚ ਡੋਬਣਾ ਚਾਹੁੰਦੇ ਹਨ ਲੋਕ ਅੰਨੀ ਭਗਤੀ ਵਿੱਚ ਲੱਗ ਕੇ ਲੋਕ ਸਰਕਾਰਾਂ ਨੂੰ ਸਵਾਲ ਨਾ ਕਰਨ, ਪੜਿਆ ਲਿਖੀਆਂ ਵਿਅਕਤੀ ਸਵਾਲ ਕਰੇਗਾ ਇਸ ਮੌਕੇ ਪਰ ਪਰਵਿੰਦਰ, ਦਵਿੰਦਰ, ਬੋਬੀ, ਦਲਬੀਰ ਸਿੰਘ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243